Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 20* Issue 177 | Thursday, September 09, 2021 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## 30 ਸਤੰਬਰ ਨੂੰ ਓਨਟਾਰੀਓ ਵਿੱਚ ਨਹੀਂ ਹੋਵੇਗੀ ਵਿਧਾਨਕ ਛੁੱਟੀ

ਟੋਰਾਂਟੋ, 8 ਸਤੰਬਰ (ਪੋਸਟ ਬਿਊਰੋ) : ਓਨਟਾਰੀਓ ਸਰਕਾਰ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ ਕਿ 30 ਸਤੰਬਰ, ਨੈਸ਼ਨਲ ਟਰੁੱਥ ਐਂਡ ਰੀਕੌਂਸੀਲਿਏਸ਼ਨ ਡੇਅ, ਨੂੰ ਪ੍ਰੋਵਿੰਸ ਵੱਲੋਂ ਵਿਧਾਨਕ ਛੁੱਟੀ ਨਹੀਂ ਕੀਤੀ ਜਾਵੇਗੀ।

ਬੁੱਧਵਾਰ ਰਾਤ ਨੂੰ ਜਾਰੀ ਕੀਤੇ ਗਏ ਬਿਆਨ ਵਿੱਚ ਇੰਡੀਜੀਨਸ ਅਫੇਅਰਜ਼ ਮੰਤਰੀ ਗ੍ਰੈੱਗ ਰਿੱਕਫੋਰਡ ਦੇ ਬੁਲਾਰੇ ਨੇ ਇੱਕ ਬਿਆਨ ਜਾਰੀ ਕਰਕੇ ਇਸ ਦੀ ਜਾਣਕਾਰੀ ਦਿੱਤੀ। ਕੈਨੇਡਾ ਵਿੱਚ ਰੈਜ਼ੀਡੈਂਸ਼ੀਅਲ ਸਕੂਲਜ਼ ਦੇ ਤ੍ਰਾਸਦਿਕ ਵਿਰਸੇ ਦੇ ਸਬੰਧ ਵਿੱਚ ਫੈਡਰਲ ਵਿਧਾਨਕ ਛੁੱਟੀ ਲਈ ਜੂਨ ਵਿੱਚ ਸ਼ਾਹੀ ਮਨਜ਼ੂਰੀ ਮਿਲ ਗਈ ਸੀ ਤੇ 30 ਸਤੰਬਰ ਦਾ ਦਿਨ ਟਰੁੱਥ ਐਂਡ ਰੀਕੌਂਸੀਲਿਏਸ਼ਨ ...ਬਾਕੀ ਪੰਨਾ 5 'ਤੇ

## ਫਰੈਂਚ ਭਾਸ਼ਾ ਦੀ ਬਹਿਸ ਵਿੱਚ ਵੈਕਸੀਨੇਸ਼ਨ ਤੇ ਅਚਨਚੇਤੀ ਚੋਣਾਂ ਦਾ ਮੁੱਦਾ ਰਿਹਾ ਗਰਮਾਇਆ



ਓਟਵਾ, 8 ਸਤੰਬਰ (ਪੋਸਟ ਬਿਊਰੋ) : ਬੁੱਧਵਾਰ ਸ਼ਾਮ ਨੂੰ ਪੰਜ ਫੈਡਰਲ ਪਾਰਟੀਆਂ ਦੇ ਆਗੂ ਲਾਜ਼ਮੀ ਵੈਕਸੀਨੇਸ਼ਨ, ਹੈਲਥ ਕੇਅਰ ਤੇ ਅਚਨਚੇਤੀ ਚੋਣਾਂ ਕਰਵਾਏ ਜਾਣ ਦੇ ਮਾਮਲੇ ਵਿੱਚ ਬਹਿਸ ਕਰਨ ਲਈ ਮੈਦਾਨ ਵਿੱਚ ਨਿੱਤਰੇ।

ਫੈਡਰਲ ਚੋਣਾਂ ਦੇ ਮੱਦੇਨਜ਼ਰ ਦੋ ਇਲੈਕਸ਼ਨ ਡਿਬੇਟ ਵਿੱਚੋਂ ਫਰੈਂਚ ਭਾਸ਼ਾ ਵਿੱਚ ਹੋਣ ਵਾਲੀ ਇਸ ਪਹਿਲੀ ਬਹਿਸ ਵਿੱਚ ਸਾਰੇ ਆਗੂਆਂ ਵੱਲੋਂ ਫਰੈਂਚ ਭਾਸ਼ਾ ਬੋਲਣ ਵਾਲੇ ਵੋਟਰਾਂ ਦਾ ਸਮਰਥਨ ਹਾਸਲ ਕਰਨ ਲਈ ਪੂਰਾ ਜ਼ੋਰ ਲਾਇਆ ਜਾ ਰਿਹਾ ਹੈ। ਲਿਬਰਲ ਆਗੂ ਜਸਟਿਨ ਟਰੂਡੋ, ਕੰਜ਼ਰਵੇਟਿਵ ਆਗੂ ਐਰਿਨ ਓਟੂਲ, ਐਨਡੀਪੀ ਆਗੂ ਜਗਮੀਤ ਸਿੰਘ, ਬਲਾਕ ਕਿਊਬਿਕੁਆ ਮੰਤਰੀ ਯਵੇਸ ਫਰੈਂਕੋਇਸ ਬਲਾਂਸ਼ੇ ਤੇ ਗ੍ਰੀਨ ਪਾਰਟੀ ਆਗੂ ਅਨੇਮੀ ਪਾਲ ਵੱਲੋਂ ਇਸ ਬਹਿਸ ਵਿੱਚ ਹਿੱਸਾ ਲਿਆ ਜਾ ਰਿਹਾ ਹੈ।

ਇੰਡੀਪੈਂਡੈਂਟ ਲੀਡਰਜ਼ ਡਿਬੇਟ ਕਮਿਸ਼ਨ ਫੌਰ ਪਾਰਟੀਸਿਪੇਸ਼ਨ ਵੱਲੋਂ ਮਿਥੇ ਗਏ ਕ੍ਰਾਇਟੇਰੀਆ ਅਨੁਸਾਰ ਪੀਪਲਜ਼ ਪਾਰਟੀ ਆਫ ਕੈਨੇਡਾ ਦੇ ਆਗੂ ਮੈਕਸਿਮ ਬਰਨੀਅਰ ਇਸ ਬਹਿਸ ਲਈ ਯੋਗ ਨਹੀਂ ਹਨ। ਬਹਿਸ ਲਈ ਸੰਚਾਲਕ ...ਬਾਕੀ ਪੰਨਾ 5 'ਤੇ

## ਬੈਂਕ ਆਫ ਕੈਨੇਡਾ ਨੇ ਵਿਆਜ਼ ਦਰਾਂ ਪਹਿਲਾਂ ਜਿੰਨੀਆਂ ਹੀ ਰੱਖੀਆਂ



ਓਟਵਾ, 8 ਸਤੰਬਰ (ਪੋਸਟ ਬਿਊਰੋ) : ਬੈਂਕ ਆਫ ਕੈਨੇਡਾ ਵੱਲੋਂ ਬੁੱਧਵਾਰ ਨੂੰ ਆਪਣੀਆਂ ਵਿਆਜ਼ ਦਰਾਂ ਪਹਿਲਾਂ ਜਿੰਨੀਆਂ ਹੀ ਰੱਖੀਆਂ ਗਈਆਂ ਤੇ ਇਨ੍ਹਾਂ ਵਿੱਚ ਕੋਈ ਵਾਧਾ ਦਰਜ ਨਹੀਂ ਕੀਤਾ ਗਿਆ। ਬੈਂਕ ਨੇ ਚੇਤਾਵਨੀ ਦਿੱਤੀ ਕਿ ਮਹਾਂਮਾਰੀ ਦੀ ਚੌਥੀ ਵੇਵ ਕਾਰਨ ਅਤੇ ਸਪਲਾਈ ਵਿੱਚ ਵਿਘਨ ਪੈਣ ਨਾਲ ਆਰਥਿਕ ਰਿਕਵਰੀ ਵਿੱਚ ਅੜਿੱਕਾ ਪੈ ਸਕਦਾ ਹੈ।


ਬੈਂਕ ਵੱਲੋਂ ਆਪਣੀਆਂ ਵਿਆਜ਼ ਦਰਾਂ 0·25 ਫੀ ਸਦੀ ਉੱਤੇ ਹੀ ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਬੈਂਕ ਨੇ ਆਪਣੇ ਫੈਸਲੇ ਵਿੱਚ ਆਖਿਆ ਕਿ ਹਾਲ ਦੀ ਘੜੀ ਰਿਕਵਰੀ ਜਾਰੀ ਹੈ ਜਿਸ ਲਈ ਮੁੱਦਰਾ ਸਬੰਧੀ ਵਿਲੱਖਣ ਨੀਤੀ ਦੀ ਲੋੜ ਹੈ। ਇਸ ਤੋਂ ਪਹਿਲਾਂ ਪ੍ਰਾਪਤ ਜਾਣਕਾਰੀ ਅਨੁਸਾਰ ਅਰਥਸ਼ਾਸਤਰੀਆਂ ਨੂੰ ਉਮੀਦ ਸੀ ਕਿ ਬੈਂਕ ਆਪਣੀਆਂ ਵਿਆਜ ਦਰਾਂ ਪਹਿਲਾਂ ਵਾਂਗ ਹੀ 0·25 ਫੀ ਸਦੀ ਉੱਤੇ ਹੀ ਰਹਿਣ ਦੇਵੇਗਾ। ਪਰ ਬੈਂਕ ਦੀ ਅਰਥਚਾਰੇ ਬਾਰੇ ਕੀ ਰਾਇ ਹੈ ਇਹ ਜਾਣਨ ਦੀ ਸਾਰੇ ਤਾਂਘ ਲਾਈ ਬੈਠੇ ਹਨ। ਵਿਆਜ ਦਰਾਂ ਬਾਰੇ ਫੈਸਲਾ ਵੀਰਵਾਰ ਨੂੰ ਬੈਂਕ ਆਫ ਕੈਨੇਡਾ ਦੇ ਗਵਰਨਰ ਟਿੱਫ ਮੈਕਲੈਮ ਵੱਲੋਂ ਦਿੱਤੇ ਜਾਣ ਵਾਲੇ ਭਾਸ਼ਣ ਤੋਂ ਪਹਿਲਾਂ ਆ ਰਿਹਾ ਹੈ।

ਦ ਬੈਂਕ ਆਫ ਕੈਨੇਡਾ ਦਾ ਕਹਿਣਾ ਹੈ ਕਿ ਉਹ ਆਪਣੀਆਂ ਵਿਆਜ ਦਰਾਂ ਉਦੋਂ ਤੱਕ ਜ਼ੀਰੋ ਦੇ ਨੇੜੇ ਤੇੜੇ ਰੱਖੇਗਾ ਜਦੋਂ ਤੱਕ ਅਰਥਚਾਰਾ ਇਨ੍ਹਾਂ ਵਿੱਚ ਵਾਧੇ ਨੂੰ ਸਾਂਭਣ ਜੋਗਾ ਨਹੀਂ ਹੋ ਜਾਂਦਾ। ਅਜਿਹਾ 2022 ਦੇ ਦੂਜੇ ਅੱਧ ਤੋਂ ਪਹਿਲਾਂ ਹੋਣ ਦੀ ਕੋਈ ਉਮੀਦ ਨਹੀਂ ਹੈ। ਸੈਂਟਰਲ ਬੈਂਕ ਨੇ ਇਸ ਸਾਲ ਜੁਲਾਈ ਵਿੱਚ ਆਰਥਿਕ ਵਿਕਾਸ ਦੀ ਉਮੀਦ ਛੱਡ ਦਿੱਤੀ ਸੀ।

ਉਸ ਸਮੇਂ ਬੈਂਕ ਨੇ ਆਖਿਆ ਸੀ ਕਿ 2021 ਵਿੱਚ ਅਰਥਚਾਰੇ ਦੇ 6·0 ਫੀ ਸਦੀ ...ਬਾਕੀ ਪੰਨਾ 5 'ਤੇ

Best Insurance Rates
*Life *Auto *Home *Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Axel Insurance Brokers Ltd.
1550 South Gateway Rd. Suite 220 Mississauga, ON L4W 5G6

## ਬਰੈਂਪਟਨ ਦੇ ਘਰ ਉੱਤੇ ਗੋਲੀ ਚਲਾਉਣ ਵਾਲੇ ਮਸ਼ਕੂਕ ਨੂੰ ਪੁਲਿਸ ਨੇ ਦੱਸਿਆ ਖਤਰਨਾਕ



ਬਰੈਂਪਟਨ, 8 ਸਤੰਬਰ (ਪੋਸਟ ਬਿਊਰੋ) : ਬਰੈਂਪਟਨ ਦੇ ਇੱਕ ਘਰ ਉੱਤੇ ਗੋਲੀਆਂ ਚਲਾਉਣ ਵਾਲੇ ਮਸ਼ਕੂਕ ਦੀ ਪੀਲ ਰੀਜਨਲ ਪੁਲਿਸ ਵੱਲੋਂ ਪਛਾਣ ਕਰ ਲਈ ਗਈ ਹੈ।

ਜਾਂਚਕਾਰਾਂ ਦਾ ਕਹਿਣਾ ਹੈ ਕਿ ਇਹ ਘਟਨਾ ਸੋਮਵਾਰ ਨੂੰ ਦੁਪਹਿਰੇ 3:00 ਵਜੇ ਉਦੋਂ ਵਾਪਰੀ ਜਦੋਂ ਤਿੰਨ ਵਿਅਕਤੀ ਆਰਡਗਲੈਨ ਡਰਾਈਵ ਤੇ ਵਿਲਟਨ ਡਰਾਈਵ ਵਿੱਚ ਸਥਿਤ ਇਸ ਘਰ ਦੀ ਬੇਸਮੈਂਟ ਵਿੱਚ ਮੌਜੂਦ ਸਨ। ਇਹ ਦੋਸ਼ ...ਬਾਕੀ ਪੰਨਾ 5 'ਤੇ

## ਟੋਰਾਂਟੋ ਦੇ ਕੈਮੀਕਲ ਪਲਾਂਟ ਵਿੱਚ ਹੋਇਆ ਧਮਾਕਾ, ਇੱਕ ਹਲਾਕ



ਟੋਰਾਂਟੋ, 8 ਸਤੰਬਰ (ਪੋਸਟ ਬਿਊਰੋ) : ਟੋਰਾਂਟੋ ਦੇ ਪੂਰਬੀ ਹਿੱਸੇ ਵਿੱਚ ਸਥਿਤ ਕੈਮੀਕਲ ਪਲਾਂਟ ਉੱਤੇ ਹੋਏ ਧਮਾਕੇ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਪੁਲਿਸ ਨੂੰ ਸਵੇਰੇ 10:00 ਵਜੇ ਈਸਟ ਯੌਰਕ ਵਿੱਚ ਡੌਨ ਮਿੱਲਜ਼ ਰੋਡ ਤੇ ਐਗਲਿੰਟਨ ਐਵਨਿਊ ਈਸਟ ਨੇੜੇ 225 ਵਿੱਕਸਟੀਡ ਐਵਨਿਊ ਏਰੀਆ ਵਿੱਚ ਸਿਲਟੈਕ ਕੈਮੀਕਲ ਪਲਾਂਟ ਉੱਤੇ ਹੋਏ ਧਮਾਕੇ ਦੀ ਜਾਣਕਾਰੀ ਦੇ ਕੇ ਸੱਦਿਆ ਗਿਆ। ਇੱਕ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ ਤੇ ਦੂਜੇ ...ਬਾਕੀ ਪੰਨਾ 5 'ਤੇ

Priti LAMBA
Etobicoke North
416.748.3582
info@pritilamba.ca
www.pritilamba.ca
CANADA'S RECOVERY PLAN
Conservatives will implement CANADA'S RECOVERY PLAN to SECURE THE FUTURE for GTA families.
SECURE THE FUTURE

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI 416.994.7272
www.allkindinsurance.com

Dubai Jewellers
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
ਨਵੇਂ ਬਣੇ ਪਲਾਜ਼ਾ ਦੇ ਵਿਚ
Dubai Jewellers
Raj & Gulshan Mob: 416-465-1200
2700 Northpark Drive Unit #19, Brampton Ontario L6S 0E9
North Park & Airport Major Intersection
www.dubaijewellers.ca
info@dubaijewellers.ca

SUPER VISA INSURANCE EXPERTS
Punjab Insurance Inc
Super Visa Monthly plans available
7003 Steeles Ave. W, Unit 10 Etobicoke, ON, M9W 0A2
gill@punjabinsurance.ca
416-724-5000
RANJIT GILL Insurance Advisor
Disability Insurance
Mortgage Insurance
Life Insurance
Visitor Insurance
Travel Insurance
RESP(Education Plan)
Critical Illness Insurance

INSURANCE
oHome oAuto
oBusiness oTrucking
oLife Insurance oCommercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352) Manwinder Mangat Broker
Axael InsuranceBrokers Ltd. 1332 Khalsa Dr, Unit # 11, Mississauga, ON L5S 0A2

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill Certified & Licenced Exterminator

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Advice you can bank on. Brokerage Lic. 12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਵਰਕਰਾਂ ਦੀ ਲੋੜ
ਘਾਹ ਕੱਟਣ ਲਈ ਅਤੇ ਕੰਸਟ੍ਰਕਸ਼ਨ ਦੇ ਫੁੱਲ ਟਾਈਮ ਕੰਮ ਲਈ ਜਨਰਲ ਲੇਬਰ ਦੀ ਲੋੜ ਹੈ। ਕੰਮ ਉਤੇ ਲੈ ਕੇ ਆਉਣ ਅਤੇ ਲਿਜਾਣ ਦੀ ਸੁਵਿਧਾ। ਬਿਨੈਕਾਰ ਸਰੀਰਕ ਤੌਰ ਉਤੇ ਫਿਟ ਅਤੇ 50 ਐਲ.ਬੀ.ਐਸ. ਵਜ਼ਨ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ।
ਸੰਪਰਕ ਅਮਿਤ: 647-784-1213

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma Open Saturday
Providing excellent quality legal services to our clients

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
National Forklift Group
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor


KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

REXDALE BODY SHOP USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca mcheemaaaa@hotmail.com

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL (Government Approved Licensed Technician)
416 938 4598

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


NOW HIRING
U.S. CROSS BORDER SINGLES & TEAMS AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK, TEXT & DATA PLAN
4.5GB
$40/mo.
chatr™
AUTHORIZED DEALER
379 Main St. North, Brampton | 905-451-0379
2456 Lake shore Blvd West, Etobicoke | 416-259-3654
Offer subject to change without notice. Get 4.5GB at 3G speed. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2021

## ਮਾਪਿਆਂ ਦੇ ਕਤਲ ਦੇ ਸਬੰਧ ਵਿੱਚ ਪੁੱਤ ਨੂੰ ਕੀਤਾ ਗਿਆ ਚਾਰਜ




ਟੋਰਾਂਟੋ, 8 ਸਤੰਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਸਕਾਰਬੌਰੋ ਵਿੱਚ ਦੂਹਰੇ ਕਤਲ ਦੇ ਸ਼ਿਕਾਰ ਵਿਅਕਤੀਆਂ ਦੀ ਪਛਾਣ ਕਰ ਲਈ ਗਈ ਹੈ। ਇਸ ਦੂਹਰੇ ਕਤਲਕਾਂਡ ਲਈ ਜਿਸ ਵਿਅਕਤੀ ਨੂੰ ਚਾਰਜ ਕੀਤਾ ਗਿਆ ਹੈ ਇਹ ਦੋਵੇਂ ਉਸ ਦੇ ਮਾਪੇ ਸਨ।

ਐਤਵਾਰ ਨੂੰ ਰਾਤੀਂ 7:53 ਦੇ ਨੇੜੇ ਤੇੜੇ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸਕਾਰਬੌਰੋ ਗੌਲਫ ਕਲੱਬ ਤੇ ਕਿੰਗਸਟਨ ਰੋਡਜ਼ ਨੇੜੇ 15 ਪਿੰਨ ਲੇਨ ਉੱਤੇ ਸੱਦਿਆ ਗਿਆ। ਲੋਕਾਂ ਨੂੰ ਇੱਕ ਘਰ ਵਿੱਚ ਰਹਿਣ ਵਾਲੇ ਦੋ ਵਿਅਕਤੀਆਂ ਦੀ ਫਿਕਰ ਹੋ ਰਹੀ ਸੀ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਘਰ ਵਿੱਚੋਂ ਦੋ ਲਾਸ਼ਾਂ ਮਿਲੀਆਂ ਤੇ ਉਹ ਜ਼ਾਹਿਰਾ ਤੌਰ ਉੱਤੇ ਕਤਲ ਦਾ ਮਾਮਲਾ ਨਜ਼ਰ ਆ ਰਿਹਾ ਸੀ।ਪੁਲਿਸ ਨੇ ਮੌਕੇ ਉੱਤੇ ਹੀ ਦੋਵਾਂ ਨੂੰ ਮ੍ਰਿਤਕ ਐਲਾਨ ਦਿੱਤਾ।

ਮ੍ਰਿਤਕਾਂ ਦੀ ਪਛਾਣ ਟੋਰਾਂਟੋ ਦੀ 65 ਸਾਲਾ ਲਿਨੇਟ ਸਿਕੁਏਰਾ ਤੇ 68 ਸਾਲਾ ਫਰਾਂਸਿਜ਼ ਸਿਕੁਏਰਾ ਵਜੋਂ ਕੀਤੀ ਗਈ ਹੈ। ਪੁਲਿਸ ਨੇ ਟੋਰਾਂਟੋ ਦੇ ਹੀ 26 ਸਾਲਾ ਕਾਈਲ ਸਿਕੁਏਰਾ ਨੂੰ ਸੈਕਿੰਡ ਡਿਗਰੀ ਮਰਡਰ ਦੇ ਦੋ ਮਾਮਲਿਆਂ ਵਿੱਚ ਚਾਰਜ ਕੀਤਾ ਹੈ ਤੇ ਪੁਲਿਸ ਦਾ ਕਹਿਣਾ ਹੈ ਕਿ ਜਾਂਚ ਅਜੇ ਵੀ ਜਾਰੀ ਹੈ।

# ਪਾਕਿਸਤਾਨ ਜਾਣ ਲਈ ਹਜ਼ਾਰਾਂ ਅਫਗਾਨੀ ਲੋਕ ਸਰਹੱਦ ਉਤੇ ਫਸੇ

ਕੰਧਾਰ, 8 ਸਤੰਬਰ (ਪੋਸਟ ਬਿਊਰੋ)- ਅਫਗਾਨਿਸਤਾਨ ਉੱਤੇ ਤਾਲਿਬਾਨ ਦਾ ਕਬਜ਼ਾ ਹੋਣ ਪਿੱਛੋਂ ਸਭ ਤੋਂ ਵੱਧ ਖਰਾਬ ਹਾਲਤ ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਇਲਾਕੇ ਸਪਿਨ ਬੋਲਡਕ ਵਿੱਚ ਹੈ। ਇੱਥੇ ਹਜ਼ਾਰਾਂ ਅਫਗਾਨ ਨਾਗਰਿਕ ਫਸੇ ਹੋਏ ਹਨ, ਜਿਹੜੇ ਪਾਕਿਸਤਾਨ ਜਾਣਾ ਚਾਹੁੰਦੇ ਹਨ। ਪਾਕਿਸਤਾਨ ਦੇ ਗ੍ਰਹਿ ਮੰਤਰੀ ਸ਼ੇਖ਼ ਰਾਸ਼ਿਦ ਅਹਿਮਦ ਨੇ ਸਾਫ ਕਹਿ ਦਿੱਤਾ ਹੈ ਕਿ ਸਰਹੱਦ ਉੱਤੇ ਕੋਈ ਨਵਾਂ ਸ਼ਰਨਾਰਥੀ ਕੈਂਪ ਨਹੀਂ ਬਣਾਇਆ ਜਾਵੇਗਾ।

ਪਜ਼ਵੋਕ ਅਫਗਾਨ ਨਿਊਜ਼ ਦੇ ਮੁਤਾਬਕ ਦੱਖਣੀ ਕੰਧਾਰ ਸੂਬੇ ਦੇ ਸਪਿਨ ਬੋਲਡਕ ਜ਼ਿਲ੍ਹੇ ਵਿੱਚ ਹਜ਼ਾਰਾਂ ਅਫਗਾਨ ਲੋਕ ਜਮ੍ਹਾਂ ਹਨ। ਇਹ ਸਾਰੇ ਅਫਗਾਨਿਸਤਾਨ ਵਿੱਚ ਹਾਲਾਤ ਵਿਗੜਨ ਪਿੱਛੋਂ ਦੇਸ਼ ਤੋਂ ਬਾਹਰ ਨਿਕਲਣ ਲਈ ਪਾਕਿ ਜਾਣਾ ਚਾਹੁੰਦੇ ਹਨ। ਸਾਰੇ ਪਰਵਾਰ ਜ਼ਿਆਦਾਤਰ ਉਤਰ ਤੇ ਪੂਰਬੀ ਅਫਗਾਨਿਸਤਾਨ ਵਿੱਚੋਂ ਹਨ। ਬਾਰਡਰ ਤੋਂ ਸਿਰਫ ਕੰਧਾਰ ਦੇ ਪਛਾਣ ਪੱਤਰ ਨਾਲ ਪਾਕਿ- ਸਤਾਨ ਜਾਣ ਦਿੱਤਾ ਜਾ ਰਿਹਾ ਹੈ। ਅਬਦੁਲ ਬਦੂਦ ਉਨ੍ਹਾਂ ਅਫਗਾਨ ਨਾਗਰਿਕਾਂ ਵਿੱਚੋਂ ਇੱਕ ਹਨ, ਜਿਹੜੇ ਮਜ਼ਾਰ-ਏ-ਸ਼ਰੀਫ ਤੋਂ ਆ ਕੇ ਆਪਣੇ ਪਰਵਾਰ ਦੇ ਪੰਜ ਮੈਂਬਰਾਂ ਨਾਲ ਇੱਥੇ ਰੁਕੇ ਹਨ। ਤਾਲਿਬਾਨ ਦਾ ਕਬਜ਼ਾ ਹੋਣ ਪਿੱਛੋਂ ਉਹ ਦੇਸ਼ ਛੱਡਣਾ ਚਾਹੁੰਦਾ ਹੈ। ਉਹ ਆਪਣੇ ਤੇ ਪਰਵਾਰ ਦੇ ਭਵਿੱਖ ਬਾਰੇ ਚਿੰਤਤ ਹੈ। ਉਸ ਨੇ ਕਿਹਾ ਕਿ ਇੱਥੇ ਕਈ ਪਰਵਾਰ ਅਜਿਹੇ ਹਨ, ਜਿਨ੍ਹਾਂ ਕੋਲ ਆਪਣੇ ਬੱਚਿਆਂ ਲਈ ਖਾਣਾ ਖਰੀਦਣ ਤਕ ਦੇ ਪੈਸੇ ਨਹੀਂ। ਹਜ਼ਾਰਾਂ ਲੋਕ ਇਸ ਉਮੀਦ ਨਾਲ ਗੇਟ ਉੱਤੇ ਖੜ੍ਹੇ ਹੋਏ ਹਨ ਕਿ ਉਨ੍ਹਾਂ ਨੂੰ ਦੇਸ਼ ਤੋਂ ਬਾਹਰ ਜਾਣ ਦਾ ਮੌਕਾ ਮਿਲ ਜਾਵੇ।


ਦੂਜੇ ਪਾਸੇ ਪਾਕਿਸਤਾਨ ਦੇ ਗ੍ਰਹਿ ਮੰਤਰੀ ਸ਼ੇਖ਼ ਰਾਸ਼ਿਦ ਅਹਿਮਦ ਨੇ ਕਿਹਾ ਕਿ ਹਿੰਸਾ ਨਾਲ ਪ੍ਰਭਾਵਤ ਗੁਆਂਢੀ ਦੇਸ਼ ਤੋਂ ਭੱਜਦੇ ਅਫਗਾਨ ਨਾਗਰਿਕਾਂ ਲਈ ਕੋਈ ਵੀ ਨਵਾਂ



ਸ਼ਰਨਾਰਥੀ ਕੈਂਪ ਨਹੀਂ ਬਣਾਇਆ ਜਾ ਰਿਹਾ। ਉਨ੍ਹਾਂ ਕਿਹਾ ਕਿ 15 ਅਗਸਤ ਨੂੰ ਕਾਬੁਲ ਉੱਤੇ ਤਾਲਿਬਾਨ ਦਾ ਕਬਜ਼ਾ ਹੋਣ ਪਿੱਛੋਂ ਉਥੋਂ ਨਿਕਲਣ ਦੇ ਲੋਕਾਂ ਦੇ ਰੁਝਾਨ ਦੌਰਾਨ ਅਫਗਾਨਿਸਤਾਨ ਤੋਂ ਆਉਣ ਵਾਲੇ ਚਾਰ ਹਜ਼ਾਰ ਲੋਕਾਂ ਦੇ ਵੀਜ਼ਾ ਬਣਾਏ ਗਏ ਸਨ। ਇਹ ਟਰਾਜ਼ਿਟ ਵੀਜ਼ੇ ਤਿੰਨ ਹਫਤੇ ਲਈ ਸਨ, ਜਿਸ ਨਾਲ ਪੱਛਮੀ ਦੇਸ਼ਾਂ ਦੇ ਲੋਕ ਇੱਥੋਂ ਆਪਣੇ ਦੇਸ਼ਾਂ ਨੂੰ ਪਰਤ ਸਕਣ।


ukttc UK TRUCK TRAINING CENTRE
PCC #179958
Registered as a Private Careers College

ਹੁਣ ਕੈਮਬ੍ਰਿਜ ਵਿੱਚ
ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge



Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ

Forklift Training
Forklift $79 Recertification




ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs

20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ

7542 Bath Rd, Mississauga, ON L4T 1L2, Off:905.673.7979 | OPEN 7 DAYS uktruck1@gmail.com | Jitpal Singh Deol 647-204-1936



# Great Invetsment Opportunity

## In The Region of Timminis,ON


### 8 ACRE OF lAND CAN BE SEVERD IN TWO LOTS OF 4 ACRE

### Apartment Building For Sale:

| 4 units 3 bedroom | 2 units 1 bedroom | 1 unit bachelor |
| --- | --- | --- |








## For More Details Call: 416-970-5005/647-242-8667



Jas Toor
Sales Repersentative
Sutton Group-Realty Experts
Brokerage*

Jagdish Grewal
Sales Repersentative
Century 21 President Realty Inc.
Brokerage*



## ਅੱਜ ਨਾਮਾ >>

ਚੱਲਦਾ ਮੋਰਚਾ ਦਿੱਲੀ ਦਾ ਅਜੇ ਤੀਕਰ,
ਲੱਗਿਆ ਦੂਸਰਾ ਆਣ ਕਰਨਾਲ ਮੀਆਂ।
ਅਫਸਰਸ਼ਾਹੀ ਹੈ ਸੱਤਾ ਦੀ ਬਣੀ ਬਾਂਦੀ,
ਰਾਜਨੀਤੀ ਦੇ ਮਿਲੀ ਪਈ ਨਾਲ ਮੀਆਂ।
ਦਿੱਤਾ ਅੱਧਾ ਜੇ ਹੁਕਮ ਸਰਕਾਰ ਬੇਸ਼ੱਕ,
ਬਾਕੀ ਲੈਂਦੀ ਇਹ ਵਾਗ ਸੰਭਾਲ ਮੀਆਂ।
ਨੰਬਰ ਦਿੱਲੀ ਦੇ ਤੱਕ ਬਣਾਉਣ ਖਾਤਰ,
ਹੁੰਦੀ ਹਾਕਮ ਦੀ ਮੁੱਛ ਦਾ ਵਾਲ ਮੀਆਂ।
ਕੱਟਾ ਤੀਂਘੜਦਾ ਕਿੱਲੇ ਦੇ ਜ਼ੋਰ ਕਾਰਨ,
ਅਫਸਰ ਖੱਟਰ ਦੇ ਜ਼ੋਰ'ਤੇ ਨੱਚਦੇ ਈ।
ਨਾਲ ਸਿਰੜ੍ਹਦੇ ਖੜੇ ਕਿਰਸਾਨ ਮੂਹਰੇ,
ਸੂਰਮੇ ਸਿਦਕ ਦੇ, ਮੋਰਚੇ ਸੱਚ ਦੇ ਈ।

**ਤੀਸ ਮਾਰ ਖਾਂ**

# ਕਰਨਾਲ ਵਿੱਚ ਸਰਕਾਰ ਅਤੇ ਕਿਸਾਨਾਂ ਦੀ ਗੱਲ ਸਿਰੇ ਨਹੀਂ ਚੜ੍ਹੀ

*** ਮਿੰਨੀ ਸੈਕਟਰੀਏਟ ਦੁਆਲੇ ਕਿਸਾਨ ਧਰਨਾ ਜਾਰੀ**



ਕਰਨਾਲ, 8 ਸਤੰਬਰ, (ਪੋਸਟ ਬਿਊਰੋ)- ਕਰਨਾਲ ਵਿੱਚ ਮੰਗਲਵਾਰ ਨੂੰ ਭੜਕੇ ਹਾਲਾਤ ਵਿੱਚ ਲਾਏ ਗਏ ਕਿਸਾਨ ਧਰਨੇ ਦੇ ਬਾਅਦ ਅੱਜ ਫਿਰ ਕਿਸਾਨ ਆਗੂਆਂ ਅਤੇ ਪ੍ਰਸ਼ਾਸਨ ਦੀ ਬੈਠਕ ਹੋਈ, ਪਰ ਬੇਨਤੀਜਾ ਰਹੀ ਹੈ।

ਅੱਜ ਦੀ ਇਸ ਤਿੰਨ ਘੰਟੇ ਲੰਮੀ ਬੈਠਕਬਾਰੇ ਪ੍ਰੈੱਸ ਕਾਨਫਰੰਸ ਵਿੱਚ ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਦੱਸਿਆ ਕਿ ਕਈ ਦੌਰ ਦੀ ਗੱਲਬਾਤ ਪਿੱਛੋਂ ਵੀ ਪ੍ਰਸ਼ਾਸਨ ਆਪਣੀ ਜ਼ਿਦ ਉੱਤੇਹੈ ਕਿ ਸਰਕਾਰ ਪਿਛਲੇ ਦਿਨੀਂ ਕਰਨਾਲ ਵਿੱਚ ਹੋਏ ਲਾਠੀਚਾਰਜ ਸਮੇਂ ਵਿਵਾਦ ਵਿੱਚ ਫਸੇ ਹੋਏ ਸਬ-ਡਿਵੀਜ਼ਨਲ ਮੈਜਿਸਟ੍ਰੇਟ (ਐੱਸ ਡੀ ਐੱਮ) ਆਯੁਸ਼ ਸਿਨਹਾ ਨੂੰ ਸਸਪੈਂਡ ਕਰਨ ਅਤੇ ਉਨ੍ਹਾਂ ਖ਼ਿਲਾਫ਼ ਕੇਸ ਦਰਜ ਕਰਨ ਲਈ ਤਿਆਰ ਨਹੀਂ, ਇਸ ਲਈ ਕਰਨਾਲ ਵਿੱਚ ਮਿੰਨੀ ਸੈਕਟਰੀਏਟ ਅੱਗੇ ਸਾਡਾ ਧਰਨਾ ਜਾਰੀ ਰਹੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਆਯੁਸ਼ ਸਿਨਹਾ ਖ਼ਿਲਾਫ਼ ਕੇਸ ਸਾਡੀ ਸਭ ਤੋਂ ਪਹਿਲੀ ਮੰਗ ਹੈ, ਸਰਕਾਰ ਇਸ ਲਈ ਸਹਿਮਤ ਨਾ ਹੋਣ ਕਾਰਨ ਗੱਲ ਸਿਰੇ ਨਹੀਂ ਚੜ੍ਹੀ।ਟਿਕੈਤ ਨੇ ਕਿਹਾ ਕਿ ਉੱਤਰ ਪ੍ਰਦੇਸ਼, ਪੰਜਾਬ ਤੇ ਹੋਰ ਥਾਵਾਂ ਤੋਂ ਕਿਸਾਨ ਏਥੇ ਧਰਨਾ ਪ੍ਰਦਰਸ਼ਨ ਵਿੱਚਆਉਣਗੇ ਤੇ ਦਿੱਲੀ ਵਿਚ ਵਿਰੋਧ ਦੇ ਨਾਲ ਇਹ ਧਰਨਾ ਵੀ ਓਦੋਂ ਤੱਕਜਾਰੀ ਰਹੇਗਾ, ਜਦੋਂ ਤੱਕ ਸਾਡੀਆਂ ਮੰਗਾਂ ਨਹੀਂ ਮੰਨ ਕੇ ਅਫਸਰ ਉੱਤੇ ਕੇਸ ਨਹੀਂ ਦਰਜ ਕੀਤਾ ਜਾਂਦਾ।

ਇਸ ਦੌਰਾਨ ਨਵੇਂ ਖੇਤੀ ਕਾਨੂੰਨਾਂ ਦੀ ਵਾਪਸੀ ਦੀ ਮੰਗ ਲਈ ਕਿਸਾਨਾਂ ਦੇ ਅੰਦੋਲਨ ਬਾਰੇਬਿਹਾਰ ਤੋਂ ਭਾਜਪਾ ਦੇ ਪਾਰਲੀਮੈਂਟ ਮੈਂਬਰ ਅਤੇ ਪਾਰਟੀ ਦੇ ਕਿਸਾਨ ਮੋਰਚਾ ਦੇ ਸਾਬਕਾ ਪ੍ਰਧਾਨ ਵੀਰੇਂਦਰ ਸਿੰਘ ਮਸਤ ਨੇ ਕਿਹਾ ਹੈ ਕਿ ਸਰਕਾਰ ਇਹ ਕਾਨੂੰਨ ਵਾਪਸ ਨਹੀਂ ਲਵੇਗੀ। ਬਲੀਆ ਤੋਂ ਪਾਰਲੀਮੈਂਟ ਮੈਂਬਰ ਮਸਤ ਨੇ ਪੱਤਰਕਾਰਾਂ ਨੂੰ ਕਿਹਾ ਕਿ ਸਰਕਾਰ ਨਵੇਂ ਖੇਤੀ ਕਾਨੂੰਨ ਵਾਪਸ ਨਹੀਂ ਲਵੇਗੀ, ਇਹ ਕਾਨੂੰਨ ਵਾਪਸ ਲੈਣ ਲਈ ਨਹੀਂ ਬਣਾਏ। ਉਨ੍ਹਾਂ ਕਿਹਾ ਕਿਜੇ ਪਾਰਲੀਮੈਂਟ ਵਿੱਚ ਬਣਿਆ ਕਾਨੂੰਨ ਸੜਕ ਉੱਤੇ ਅੰਦੋਲਨ ਕਰ ਕੇ ਵਾਪਸ ਹੋ ਜਾਵੇ ਤਾਂ ਪਾਰਲੀਮੈਂਟ ਦੀ ਕੀ ਇੱਜ਼ਤ ਰਹੇਗੀ। ਮਸਤ ਦਾ ਇਹ ਬਿਆਨ ਓਦੋਂ ਆਇਆ ਹੈ, ਜਦੋਂ ਨਵੇਂ ਖੇਤੀ ਕਾਨੂੰਨਾਂ ਵਿਰੁੱਧ ਪਿਛਲੇ ਸਾਲ ਦਸੰਬਰ ਤੋਂ ਪ੍ਰਦਰਸ਼ਨ ਕਰਦੇ ਕਿਸਾਨਾਂ ਨੇ ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਵਿੱਚ ਮਹਾਪੰਚ-ਾਇਤ ਕਰ ਕੇ ਨਵੇਂ ਕਾਨੂੰਨ ਵਾਪਸ ਲੈਣ ਦੀ ਮੰਗ ਤੇਜ਼ ਕੀਤੀ ਸੀ।

# ਕਰਨਾਲ ਦਾ ਕਿਸਾਨ ਧਰਨੇ ਵਿਚ ਲੰਗਰ ਪ੍ਰਬੰਧ ਦੇ ਮੁੱਦੇ ਤੋਂ ਗੁਰਨਾਮ ਸਿੰਘ ਚੜੂੰਨੀ ਅਤੇ ਸੁਖਬੀਰ ਸਿੰਘ ਬਾਦਲ ਦੇ ਵੱਖੋ-ਵੱਖ ਦਾਅਵੇ

*** ਸੁਖਬੀਰ ਨੇ ਕਿਹਾ: ਚੜੂੰਨੀ ਨੇ ਲੰਗਰ ਭੇਜਣ ਲਈ ਕਿਹਾ ਸੀ**
*** ਚੜੂੰਨੀ ਕਹਿੰਦਾ: ਏਦਾਂ ਦੀ ਕੋਈ ਗੱਲ ਹੀ ਨਹੀਂ ਹੋਈ**

ਚੰਡੀਗੜ੍ਹ, 8 ਸਤੰਬਰ, (ਪੋਸਟ ਬਿਊਰੋ)- ਕਰਨਾਲ ਵਿੱਚ ਮੰਗਲਵਾਰ ਸ਼ਾਮ ਤੋਂ ਸ਼ੁਰੂ ਹੋਏ ਕਿਸਾਨ ਧਰਨੇ ਵਿੱਚ ਲੰਗਰ ਦੇ ਪ੍ਰਬੰਧ ਦੇ ਮੁੱਦੇ ਤੋਂ ਹਰਿਆਣੇ ਦੇ ਕਿਸਾਨ ਆਗੂ ਗੁਰਨਾਮ ਸਿੰਘ ਚੜੂੰਨੀ ਅਤੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਆਪਸ ਵਿੱਚ ਟਕਰਾਵੇਂ ਬਿਆਨਾਂ ਨੇ ਨਵਾਂ ਵਿਵਾਦ ਖੜਾ ਕਰ ਦਿੱਤਾ ਹੈ।

ਸੰਯੁਕਤ ਕਿਸਾਨ ਮੋਰਚੇ ਦੇ ਆਗੂ ਗੁਰਨਾਮ ਸਿੰਘ ਚੜੂੰਨੀ ਨੇ ਆਖਿਆ ਹੈ ਕਿ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲਉਨ੍ਹਾਂ ਦੀ ਕਰਨਾਲ ਮੋਰਚੇ ਉੱਤੇ ਲੰਗਰ ਦੇ ਪ੍ਰਬੰਧ ਬਾਰੇ ਕੋਈ ਗੱਲ ਨਹੀਂ ਹੋਈ। ਉਸ ਨੇ ਕਿਹਾ ਹੈ ਕਿ ਗੁਰਦੁਆਰਾ ਸਾਹਿਬਾਨ ਤੋਂ ਲੰਗਰ ਦੀ ਸੇਵਾ ਪਹਿਲਾਂ ਵੀ ਚੱਲਦੀ ਹੈ ਤੇ ਅੱਜ ਵੀ ਚੱਲਦੀ ਹੈ, ਸੁਖਬੀਰ ਸਿੰਘ ਬਾਦਲ ਨਾਲ ਉਨ੍ਹਾਂ ਨੇ ਕਰਨਾਲ ਮੋਰਚੇ ਦੇ ਲੰਗਰ ਬਾਰੇ ਗੱਲਨਹੀਂ ਕੀਤੀ।ਉਨ੍ਹਾਂ ਦੇ ਬਿਆਨ ਨਾਲ ਸੁਖਬੀਰ ਸਿੰਘ ਬਾਦਲ ਦਾ ਲੰਗਰ ਦੇ ਪ੍ਰਬੰਧ ਕਰਨ ਦਾ ਬਿਆਨ ਝੂਠਾ ਸਾਬਤ ਹੋਣ ਕਾਰਨ ਇੱਕ ਵੱਡਾ ਵਿਵਾਦ ਖੜਾ ਹੋਣ ਦੇ ਹਾਲਾਤ ਬਣ ਗਏ ਹਨ।

ਵਰਨਣ ਯੋਗ ਹੈ ਕਿ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਸੀ ਕਿ ਕਰਨਾਲ ਵਿੱਚ ਕਿਸਾਨਾਂ ਦੇ ਨਵੇਂ ਪੱਕੇ ਮੋਰਚੇ ਲਈ ਕਿਸਾਨ ਆਗੂ ਗਰੁਨਾਮ ਸਿੰਘ ਚੜੂੰਨੀ ਨੇ ਅਕਾਲੀ ਦਲ ਤੋਂ ਮਦਦ ਮੰਗੀ ਸੀ। ਉਸਦਾ ਦਾਅਵਾ ਸੀ ਕਿ ਕੱਲ੍ਹ ਉਨ੍ਹਾਂ ਨੂੰ ਕਿਸਾਨ ਆਗੂ ਗੁਰਨਾਮ ਸਿੰਘ ਚੜੂੰਨੀ ਦਾ ਫੋਨ ਆਇਆ ਤੇ ਉਸ ਨੇ ਕਰਨਾਲ ਮੋਰਚੇ ਬਾਰੇ ਦੱਸ ਕੇ ਅਪੀਲ ਕੀਤੀ ਕਿ ਇਥੇ ਸੰਗਤ ਵੱਧ ਹੋਣ ਕਾਰਨ ਲੰਗਰ-ਪਾਣੀ ਦਾ ਪ੍ਰਬੰਧ ਕਰੋ। ਸੁਖਬੀਰ ਸਿੰਘ ਬਾਦਲ ਨੇ ਦੱਸਿਆ ਕਿ ਇਸ ਉੱਤੇ ਉਨ੍ਹਾਂ ਨੇ ਚੜੂੰਨੀ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ ਤੇ ਸ਼੍ਰੋਮਣੀ ਗੁਰਦੁ-ਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਨੂੰ ਕਿਸਾਨਾਂ ਤੱਕ ਲੰਗਰ-ਪਾਣੀ ਦੇ ਤੁਰੰਤ ਪ੍ਰਬੰਧ ਲਈਕਿਹਾ ਸੀ।ਉਨ੍ਹਾ ਕਿਹਾ ਕਿ ਅੰਦੋਲਨ ਕਰਦੇ ਕਿਸਾਨਾਂ ਨੂੰ ਲੰਗਰ ਤੇ ਹੋਰ ਸੇਵਾਵਾਂ ਅਸੀਂ ਪੁਚਾ ਰਹੇ ਹਾਂ ਅਤੇ ਕਿਸਾਨਾਂ ਦੇ ਸੰਘਰਸ਼ ਲਈ ਵਚਨਬੱਧ ਹਾਂ।

ਇਹੀ ਨਹੀਂ, ਅੱਜ ਕਰਨਾਲ ਦੇ ਕਿਸਾਨਾਂ ਧਰਨੇ ਵਿੱਚਸ਼੍ਰੋਮਣੀ ਗੁਰਦੁ-ਆਰਾ ਪ੍ਰਬੰਧਕ ਕਮੇਟੀ ਵੱਲੋਂ ਲੰਗਰ ਭੇਜਣ ਦੇ ਪ੍ਰਬੰਧ ਬਾਰੇ ਸ਼੍ਰੋਮਣੀ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਵੀ ਕਿਹਾ ਕਿ ਜਦੋਂ ਉਨ੍ਹਾਂ ਨੂੰ ਸੁਨੇਹਾ ਮਿ-ਲਆ ਕਿ ਓਥੇ ਕਿਸਾਨਾਂ ਲਈ ਲੰਗਰ ਤੇ ਚਾਹ-ਪਾਣੀ ਦੀ ਲੋੜ ਹੈ ਤਾਂ ਉਨ੍ਹਾਂ ਨੇ ਹਰਿਆਣਾ ਅਤੇ ਹੋਰ ਸਬੰਧਤ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਦੀਆਂ ਡਿਊਟੀਆਂ ਲਾ ਕੇ ਲੰਗਰ ਲਈ ਪ੍ਰਬੰਧ ਕੀਤਾ ਹੈ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਦਿੱਲੀ ਦੇ ਬਾਰਡਰਾਂ ਉੱਤੇ ਕਿਸਾਨਾਂ ਦੇ ਧਰਨਿਆਂ ਵਿੱਚ ਸ਼੍ਰੋਮਣੀ ਕਮੇਟੀ ਲਗਾਤਾਰ ਲੰਗਰ ਦਾ ਪ੍ਰਬੰਧ ਕਰ ਰਹੀ ਹੈ ਤੇ ਜਦੋਂ ਵੀ ਕਿਤੇ ਏਦਾਂ ਦੇ ਹਾਲਾਤ ਵਿਚ ਸ਼੍ਰੋਮਣੀ ਕਮੇਟੀ ਦੇ ਸਹਿਯੋਗ ਦੀ ਲੋੜ ਪਵੇਗੀ, ਉਹ ਹਮੇਸ਼ਾਂ ਤਿਆਰ ਹਨ।

ਸੁਖਬੀਰ ਸਿੰਘ ਬਾਦਲ ਅਤੇ ਬੀਬੀ ਜਗੀਰ ਕੌਰ ਦੇ ਬਿਆਨਾਂ ਤੋਂ ਬਾਅਦ ਗੁਰਨਾਮ ਸਿੰਘ ਚੜੂੰਨੀ ਦਾ ਬਿਆਨ ਆ ਗਿਆ ਹੈ ਕਿ ਉਨ੍ਹਾਂ ਦੀ ਸੁਖਬੀਰ ਸਿੰਘ ਬਾਦਲ ਨਾਲ ਇਸ ਬਾਰੇ ਕੋਈ ਗੱਲ ਨਹੀਂ ਹੋਈ ਤਾਂ ਧਰਨੇ ਲਈ ਲੰਗਰ ਦੇ ਪ੍ਰਬੰਧ ਦੀ ਬੇਨਤੀ ਕਿੱਥੋਂ ਆ ਗਈ? ਇਸ ਨਾਲ ਵਿਵਾਦ ਖੜਾ ਹੋਣ ਲੱਗ ਪਿਆ ਹੈ।

# ਪੰਜਾਬ ਦੇ ਕਿਸਾਨ ਸੰਗਠਨਾਂ ਵੱਲੋਂ ਭਾਜਪਾ ਤੋਂ ਬਿਨਾਂ ਸਭ ਪਾਰਟੀਆਂ ਨੂੰ ਬੈਠਕ ਦਾ ਸੱਦਾ

ਚੰਡੀਗੜ੍ਹ, 8 ਸਤੰਬਰ, (ਪੋਸਟ ਬਿਊਰੋ)- ਭਾਰਤ ਦੀ ਨਰਿੰਦਰ ਮੋਦੀ ਸਰਕਾਰ ਦੇ ਤਿੰਨ ਵਿਵਾਦ ਵਾਲੇ ਖੇਤੀ ਕਾਨੂੰਨਾਂ ਦੇ ਮੁੱਦੇ ਤੋਂ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਨੇ ਅੱਜ ਫਿਰ ਪ੍ਰੈੱਸ ਕਾਨਫਰੰਸ ਕੀਤੀ ਅਤੇ ਭਾਰਤੀ ਜਨਤਾ ਪਾਰਟੀ ਦੀ ਲੀਡਰਸ਼ਿਪ ਨੂੰ ਛੱਡ ਕੇ ਬਾਕੀ ਸਭ ਸਿਆਸੀ ਪਾਰਟੀਆਂ ਨੂੰ ਇੱਕ ਮੀਟਿੰਗ ਲਈ ਸੱਦਾ ਦਿੱਤਾ ਹੈ।

ਅੱਜ ਦੀ ਪ੍ਰੈੱਸ ਕਾਨਫਰੰਸ ਦੌਰਾਨ ਜਮਹੂਰੀ ਕਿਸਾਨ ਸਭਾ ਦੇ ਜਨਰਲ ਸੈਕਟਰੀ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਦਾ ਵੱਡਾ ਹਿੱਸਾ ਬਣਦੀਆਂ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਦੀ ਮੀਟਿੰਗ ਹੋਈ ਤੇ ਇਸ ਮੌਕੇਸਿਆਸੀ ਪਾਰਟੀਆਂ ਦੀ ਮੀਟਿੰਗ ਕਰਨ ਦਾ ਫੈਸਲਾ ਹੋਇਆ ਹੈ। ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਨੇ ਭਾਜਪਾ ਤੋਂ ਬਿਨਾਂਸਭ ਸਿਆਸੀ ਪਾਰਟੀਆਂ ਨੂੰ ਬੈਠਕ ਦਾ ਸੱਦਾ ਦਿੱਤਾ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਕਰਨਾਲ ਵਿੱਚਹੋਏ ਲਾਠੀਚਾਰਜ ਦੇ ਵਿਰੁੱਧਓਥੇ ਬਹੁਤ ਵੱਡਾ ਲੋਕ-ਰੋਹ ਹੈ ਅਤੇ ਮਿੰਨੀ ਸੈਕਟਰੀਏਟ ਅੱਗੇ ਧਰਨਾ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜਿਸ ਆਈ ਏ ਐੱਸ ਅਫਸਰ ਅਤੇ ਐੱਸ ਡੀ ਐੱਮ ਨੇ ਵੀਡੀਓ ਵਿੱਚ ਕਿਸਾਨਾਂ ਦੇ ਸਿਰ ਪਾੜਨ ਦੀ ਗੱਲ ਕਹੀ ਹੈ, ਉਨ੍ਹਾਂ ਨੂੰ ਡਿੱਸਮਿੱਸ ਕਰ ਕੇ ਕਤਲ ਦਾ ਕੇਸ ਦਰਜ ਕੀਤਾ ਜਾਵੇ ਅਤੇ ਜਿਹੜੇ ਪੁਲਸ ਵਾਲੇ ਦੋਸ਼ੀ ਹਨ, ਉਨ੍ਹਾਂ ਨੂੰ ਸਜ਼ਾ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮੋਗਾ ਦੀ ਅਕਾਲੀ ਰੈਲੀ ਵਿੱਚ ਸਵਾਲ ਪੁੱਛਣ ਗਏ ਕਿਸਾਨਾਂ ਉੱਤੇ ਸਟੂਡੈਂਟਸ ਆਰਗੇਨਾਈਜ਼ੇਸ਼ਨ ਆਫ ਇੰਡੀਆ (ਐੱਸ ਓ ਆਈ) ਦੇ ਵਰਕਰਾਂ ਨੇ ਪੱਥਰਬਾਜ਼ੀ ਕੀਤੀ ਤੇ ਪੁਲਸ ਨੇ ਵੀ ਓਥੇ ਐੱਸ ਓ ਆਈ ਵਾਲਿਆਂ ਨੂੰ ਰੋਕਣ ਦੀ ਥਾਂ ਕਿਸਾਨਾਂ ਉੱਤੇ ਲਾਠੀਚਾਰਜ ਕੀਤਾ ਤੇ ਗ੍ਰਿਫ਼ਤਾਰ ਕੀਤਾ ਅਤੇ ਕਿਸਾਨਾਂ ਉੱਤੇ ਹੀ ਕੇਸਬਣਾਏ ਹਨ। ਉਨ੍ਹਾਂ ਕਿਹਾ ਕਿ ਇਸ ਬਾਰੇ ਉਨ੍ਹਾਂ ਨੇ 8 ਸਤੰਬਰ ਤੱਕ ਚਿਤਾਵਨੀ ਦਿੱਤੀ ਸੀ ਅਤੇ ਇਸ ਪਿੱਛੋਂ ਅੱਜਡੀ ਆਈ ਜੀ ਪੁਲਸ, ਐੱਸ ਐੱਸ ਪੀ ਅਤੇ ਡਿਪਟੀ ਕਮਿਸ਼ਨਰ ਮੋਗਾ ਨਾਲ ਸਾਡੀਆਂ ਜਥੇਬੰਦੀਆਂ ਦੀ ਬੈਠਕ ਹੋਈ ਹੈ। ਉਨ੍ਹਾਂ ਨੇ ਸਾਥੋਂ ਕਾਗਜ਼ੀ ਕਾਰਵਾਈ ਲਈ 10 ਦਿਨਾਂ ਦਾ ਸਮਾਂ ਮੰਗਿਆ ਹੈ ਕਿ ਉਹ ਕੇਸ ਵਾਪਸ ਲੈ ਲੈਣਗੇ। ਅਸੀਂ ਦਸ ਦਿਨ ਦਾ ਸਮਾਂ ਸਰਬਸੰਮਤੀ ਨਾਲ ਦੇ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਪ੍ਰੈੱਸ ਕਾਨਫਰੰਸਾਂ ਦੌਰਾਨ ਇਹ ਪਹਿਲਾਂ ਸਮਾਂ ਹੈ ਕਿ ਸਿਆਸੀ ਪਾਰਟੀਆਂ ਨੇਵਿਧਾਨ ਸਭਾ ਚੋਣਾਂ ਤੋਂ ਅੱਠ ਮਹੀਨੇ ਪਹਿਲਾਂ ਚੋਣ ਮੁਹਿੰਮ ਸ਼ੁਰੂ ਕੀਤੀ ਹੈ, ਵਰਨਾ ਚੋਣਾਂ ਦੇ ਐਲਾਨ ਤੋਂ ਬਾਅਦ ਸਿਆਸੀ ਪਾਰਟੀਆਂ ਰੈਲੀਆਂ ਕਰਦੀਆਂ ਹਨ ਅਤੇ ਅਕਾਲੀ ਦਲ ਖਾਸ ਤੌਰ ਉੱਤੇ ਬਹੁਤ ਤੇਜ਼ੀ ਨਾਲ ਰੈਲੀਆਂ ਕਰ ਰਿਹਾ ਹੈ, ਪਰ ਸਾਡੇ ਵਿਰੋਧ ਪਿੱਛੋਂ ਉਸ ਨੇ 6 ਦਿਨਾਂ ਲਈ ਰੈਲੀਆਂ ਮੁਲਤਵੀ ਕੀਤੀਆਂ ਤੇ ਕਿਹਾ ਹੈ ਕਿ ਉਹ ਗੱਲਬਾਤ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਸਾਡਾ ਫੈਸਲਾ ਹੈ ਕਿ 10 ਸਤੰਬਰ ਨੂੰ 32 ਕਿਸਾਨ ਜਥੇਬੰਦੀਆਂ ਦਾ ਇੱਕ-ਇੱਕ ਆਗੂ ਚੰਡੀਗੜ੍ਹ ਜਾਵੇਗਾ ਅਤੇ ਥਾਂ ਅਸੀਂ ਦੱਸਾਂਗੇ। ਉਸ ਬੈਠਕ ਵਿੱਚ ਚੋਣ ਲੜਨ ਵਾਲੀਆਂ ਪਾਰਟੀਆਂ ਦੇ ਮੁੱਖ ਲੀਡਰ ਹਾਜ਼ਰ ਹੋਣਗੇ, ਪਰਸੱਦੀਆਂ ਗਈਆਂਪਾਰਟੀਆਂ ਵਿੱਚ ਭਾਜਪਾ ਸ਼ਾਮਲ ਨਹੀਂ ਹੋਵੇਗੀ।

# ਸਿੱਧੂ ਪੱਖੀ ਵਿਧਾਇਕਾਂ ਦੀ ਕੈਪਟਨ ਅਮਰਿੰਦਰ ਸਿੰਘ ਨਾਲ ਮੁਲਾਕਾਤ ਤੋਂ ਚਰਚਾ ਛਿੜੀ

ਚੰਡੀਗੜ੍ਹ, 8 ਸਤੰਬਰ (ਪੋਸਟ ਬਿਊਰੋ)- ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਨਵਜੋਤ ਸਿੰਘ ਸਿੱਧੂ ਵਿਚਾਲੇ ਚੱਲਦੇ ਕਲੇਸ਼ ਦੌਰਾਨ ਕੱਲ੍ਹ ਸਿੱਧੂ ਧੜੇ ਦੇ ਕੁਝ ਵਿਧਾਇਕਾਂ ਨੇਮੁੱਖ ਮੰਤਰੀ ਨਾਲ ਮੁਲਾਕਾਤ ਕੀਤੀ ਹੈ। ਇਨ੍ਹਾਂ ਵਿਚ ਗੁਰਕੀਰਤ ਸਿੰਘ ਕੋਟਲੀ, ਲਖਵੀਰ ਸਿੰਘ ਲੱਖਾ ਤੇ ਨਵਤੇਜ਼ ਸਿੰਘ ਚੀਮਾ ਸ਼ਾਮਲ ਸਨ। ਇਸ ਮੌਕੇ ਪਾਰਲੀਮੈਂਟ ਮੈਂਬਰ ਰਵਨੀਤ ਸਿੰਘ ਬਿੱਟੂ ਵੀ ਮੌਜੂਦ ਸਨ। ਇਹ ਸਾਰੇ ਵਿਧਾਇਕ ਸਿੱਧੂ ਦੀ ਪੰਜਾਬ ਕਾਂਗਰਸ ਦੇ ਪ੍ਰਧਾਨ ਵਜੋਂ ਤਾਜਪੋਸ਼ੀ ਦੌਰਾਨ ਕੀਤੇ ਵਿਧਾਇਕਾਂ ਦੇ ਸ਼ਕਤੀ ਪ੍ਰਦਰਸ਼ਨ ਵਿੱਚ ਵੀ ਸ਼ਾਮਲ ਸਨ। ਇਸ ਤੋਂ ਇਲਾਵਾ ਪਿਛਲੇ ਦਿਨੀਂ ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਦੇ ਘਰ ਕਈ ਮੰਤਰੀਆਂ ਅਤੇ ਵਿਧਾਇਕਾਂ ਨੇ ਜਦੋਂ ਮੀਟਿੰਗ ਕਰਕੇ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਅਹੁਦੇ ਤੋਂ ਹਟਾਉਣ ਦੀ ਮੁਹਿੰਮ ਸ਼ੁਰੂ ਕੀਤੀ ਸੀ ਤਾਂ ਇਨ੍ਹਾਂ ਸਾਰੇ ਵਿਧਾਇਕਾਂ ਨੇ ਨਵਜੋਤ ਸਿੰਘ ਸਿੱਧੂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਸੀ।

ਵਰਨਣ ਯੋਗ ਹੈ ਕਿ ਉਸ ਮੀਟਿੰਗ ਮਗਰੋਂ ਕੈਪਟਨ ਅਮਰਿੰਦਰ ਸਿੰਘ ਵੱਲੋਂ ਸੱਤ ਅਜਿਹੇ ਵਿਧਾਇਕਾਂ ਦੀ ਸੂਚੀ ਜਾਰੀ ਕੀਤੀ ਗਈ ਸੀ, ਜਿਨ੍ਹਾਂ ਵੱਲੋਂ ਸਿੱਧੂ ਧੜੇ ਦੇ ਸ਼ਕਤੀ ਪ੍ਰਦਰਸ਼ਨ ਵਿੱਚ ਸ਼ਾਮਲ ਨਾ ਹੋਣ ਦੀ ਗੱਲ ਵੀ ਕਹੀ ਸੀ ਅਤੇ ਵਿਧਾਇਕ ਗੁਰਕੀਰਤ ਸਿੰਘ ਕੋਟਲੀ ਨੇ ਆਪਣਾ ਨਾਂਅ ਇਸ ਸੂਚੀ ਵਿੱਚ ਸ਼ਾਮਲ ਹੋਣ ਉੱਤੇ ਇਤਰਾਜ਼ ਕਰਦੇ ਹੋਏ ਕਿਹਾ ਸੀ ਕਿ ਮੁੱਖ ਮੰਤਰੀ ਦਫ਼ਤਰ ਵੱਲੋਂ ਉਨ੍ਹਾਂ ਨਾਲ ਸੰਪਰਕ ਕੀਤੇ ਬਿਨਾਂ ਸੂਚੀ ਵਿੱਚ ਨਾਂਅ ਪਾ ਦਿੱਤਾ ਗਿਆ ਹੈ, ਜਦ ਕਿ ਉਹ ਸਵੇਰ ਤੋਂ ਸਿੱਧੂ ਧੜੇ ਦੀਆਂ ਮੀਟਿੰਗਾਂ ਵਿੱਚ ਸ਼ਾਮਲ ਸਨ। ਕੱਲ੍ਹ ਇਸ ਵਿਧਾਇਕ ਦੇ ਨਾਲ ਹੀ ਸਿੱਧੂ ਧੜੇ ਦੇ ਬਾਕੀ ਚਾਰੇ ਵਿਧਾਇਕਾਂ ਦੀ ਕੈਪਟਨ ਨਾਲ ਮੁਲਾਕਾਤ ਨਾਲ ਸਿਆਸੀ ਚਰਚਾ ਛਿੜ ਗਈ ਹੈ।

# ਮੋਦੀ ਸਰਕਾਰ ਨੇ ਹਾੜ੍ਹੀ ਦੀਆਂ ਫਸਲਾਂ ਦਾ ਘੱਟੋ ਘੱਟ ਸਮਰਥਨ ਮੁੱਲ ਵਧਾਇਆ

*** ਕਣਕ ਦੇ ਭਾਅ ਵਿੱਚ 40 ਰੁਪਏ ਵਾਧਾ ਕਿਸਾਨਾਂ ਵੱਲੋਂ ਰੱਦ**

ਨਵੀਂ ਦਿੱਲੀ, 8 ਸਤੰਬਰ, (ਪੋਸਟ ਬਿਊਰੋ)- ਭਾਰਤ ਸਰਕਾਰ ਦੇਨਵੇਂ ਖੇਤੀਬਾੜੀ ਕਾਨੂੰਨਾਂ ਵਿਰੁੱਧਹੁੰਦੇਕਿਸਾਨ ਧਿਰਾਂ ਦੇ ਅੰਦੋਲਨ ਨੂੰ ਹੋਰ ਤੇਜ਼ ਕਰਨ ਦੌਰਾਨਅੱਜ ਕੇਂਦਰ ਸਰਕਾਰ ਨੇ ਕਿਸਾਨਾਂ ਦੀਆਂ ਫਸਲਾਂ ਦੇ ਘੱਟੋ-ਘੱਟ ਸਮੱਰਥਨ ਮੁੱਲ ਵਿੱਚ ਵਾਧਾ ਕਰਨ ਦਾ ਅਹਿਮ ਫੈਸਲਾ ਲਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਕੈਬਨਿਟ ਮੀਟਿੰਗਨੇ ਕਣਕ, ਛੋਲੇ, ਦਾਲ, ਸਰ੍ਹੋਂ ਸਣੇ ਸਾਰੀਆਂ ਹਾੜ੍ਹੀ ਦੀਆਂ ਫਸਲਾਂ ਦਾਘੱਟੋ ਘੱਟ ਸਮਰਥਨ ਮੁੱਲ ਵਧਾਉਣ ਦਾ ਫੈਸਲਾ ਕੀਤਾ ਹੈ। ਨਵੀਂਕੀਮਤ ਹਾੜ੍ਹੀ ਦੀਆਂ ਫਸਲਾਂ ਦੇ ਮਾਰਕੀਟਿੰਗ ਸੀਜ਼ਨ 2022-23 ਲਈ ਲਾਗੂ ਹੋਵੇਗੀ।

ਨਰਿੰਦਰ ਮੋਦੀ ਸਰਕਾਰ ਨੇ ਸਾਲ 2022-23 ਲਈ ਕਣਕ ਦਾ ਸਮੱਰਥਨ ਮੁੱਲ(ਐੱਮ ਐੱਸ ਪੀ) 40 ਰੁਪਏ ਕੁਇੰਟਲ ਵਧਾ ਕੇ 2015 ਰੁਪਏ ਕਰ ਦਿੱਤਾ ਹੈ। ਇਸ ਮੌਕੇ ਛੋਲਿਆਂ ਦਾ ਐੱਮ ਐੱਸ ਪੀ 130 ਰੁਪਏ ਵਧਾ ਕੇ 5,100 ਰੁਪਏ ਪ੍ਰਤੀ ਕੁਇੰਟਲ ਕਰ ਦਿੱਤਾਅਤੇ ਸਰ੍ਹੋਂ ਦੇ ਐੱਮ ਐੱਸ ਪੀ ਵਿੱਚ 400 ਰੁਪਏ ਕੁਇੰਟਲ ਵਧਾ ਕੇ 4,650 ਰੁਪਏ ਕਰਨ ਦਾ ਐਲਾਨ ਕੀਤਾ ਹੈ।ਸਰਕਾਰ ਇਸ ਨੂੰ ਵੱਡਾ ਫੈਸਲਾ ਮੰਨਦੀ ਤੇ ਕਿਸਾਨਾਂ ਦੇ ਹਿੱਤਵਿੱਚ ਵੇਖਦੀ ਹੈ, ਪਰ ਕਿਸਾਨ ਨੇਤਾ ਰਾਕੇਸ਼ ਟਿਕੈਤ ਸਰਕਾਰ ਦੇ ਇਸ ਫੈਸਲੇ ਤੋਂ ਖੁਸ਼ ਨਹੀਂ। ਇਸ ਐਲਾਨ ਪਿੱਛੋਂ ਉਨ੍ਹਾਂ ਦਾ ਗੁੱਸਾ ਹੋਰ ਵਧ ਗਿਆ ਅਤੇ ਉਨ੍ਹਾਂ ਨੇ ਇਸ ਨੂੰ ਕੇਂਦਰ ਦਾ ਸਭ ਤੋਂ ਵੱਡਾ ਧੋਖਾ ਕਰਾਰ ਦਿੱਤਾ ਹੈ। ਟਿਕੈਤ ਦੇ ਮੁਤਾਬਕ ਸਰਕਾਰ ਦਾ ਹਾੜ੍ਹੀ ਫਸਲਾਂ ਦੇ ਘੱਟੋ-ਘੱਟ ਸਮੱਰਥਨ ਮੁੱਲ ਦਾ ਅੱਜ ਦਾ ਐਲਾਨ ਧੋਖਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਐੱਮ ਐੱਸ ਪੀ ਦੇ ਨਾਮ ਉੱਤੇ ਕਿਸਾਨਾਂ ਦੀ ਜੇਬ ਕੱਟਣ ਦਾ ਕੰਮ ਕੀਤਾ ਹੈ। ਭਾਰਤੀ ਕਿਸਾਨ ਯੂਨੀਅਨ ਨੇ ਮੰਗ ਕੀਤੀ ਹੈ ਕਿ ਬੀਤੇ ਸਾਲ ਸਮਰਥਨ ਮੁੱਲ ਵਿੱਚ ਵਾਧਾ ਕਰਨ ਵਾਲਾ ਫਾਰਮੂਲਾ ਇਸ ਵਾਰ ਵੀ ਲਾਗੂ ਕੀਤਾ ਜਾਵੇ।

ਦੂਸਰੇ ਪਾਸੇ ਕਣਕ ਦੀ ਕੀਮਤ ਵਿੱਚ ਕੀਤੇ ਗਏ ਵਾਧੇ ਨੂੰ ਸ਼ਰਮਨਾਕ ਕਹਿ ਕੇ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਅੱਜ ਕੇਂਦਰ ਸਰਕਾਰ ਨੂੰ ਮੁਸੀਬਤ ਵਿੱਚ ਘਿਰੇ ਕਿਸਾਨਾਂ, ਜਿਹੜੇ ਪਿਛਲੇ 10 ਮਹੀਨਿਆਂ ਤੋਂ ਖੇਤੀ ਕਾਨੂੰਨਾਂਖਿਲਾਫ ਅੰਦੋਲਨ ਕਰਨ ਲਈ ਸੜਕਾਂ ਉੱਤੇ ਬੈਠੇ ਹਨ, ਦੇ ਜ਼ਖ਼ਮਾਂ ਉੱਤੇ ਲੂਣ ਭੁੱਕਣ ਦਾ ਦੋਸ਼ ਲਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਭਾਰਤ ਦਾ ਖੇਤੀਬਾੜੀ ਖੇਤਰ ਔਖੇ ਸਮੇਂਤੋਂ ਲੰਘ ਰਿਹਾ ਹੈ ਤੇ ਕਿਸਾਨ ਢੁਕਵੀਂ ਐੱਮ ਐੱਸ ਪੀ ਲਈ ਅੰਦੋਲਨ ਕਰ ਰਹੇ ਹਨ, ਓਦੋਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਉਨ੍ਹਾ ਨਾਲ ਕੋਝਾ ਮਜ਼ਾਕ ਕੀਤਾ ਹੈ। ਉਨ੍ਹਾਂ ਨੇ ਕਣਕ ਦੀ ਐੱਮ ਐੱਸ ਪੀ2830 ਰੁਪਏ ਕਵਿੰਟਲ ਮਿਥਣ ਦੀ ਮੰਗ ਕਰਦਿਆਂ ਕਿਹਾ ਕਿ ਖਪਤਕਾਰਾਂ ਨੂੰ ਛੋਟ ਦੇਣ ਲਈ ਕਿਸਾਨਾਂ ਨੂੰ ਮਜਬੂਰ ਨਹੀਂ ਕਰਨਾ ਚਾਹੀਦਾ।ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਵੀ ਕੇਂਦਰ ਸਰਕਾਰ ਵੱਲੋਂ ਕਣਕ ਦੇ ਸਮਰਥਨ ਮੁੱਲ ਵਿਚ 40 ਰੁਪਏ ਕੁਇੰਟਲ ਦੇ ਵਾਧੇ ਨੂੰ ਰੱਦ ਕਰਕੇ ਮੰਗ ਕੀਤੀ ਹੈ ਕਿ ਵਾਜਬ ਕੀਮਤ ਦੇਣ ਵਾਸਤੇ ਕਣਕ ਦੀ ਐਮ ਐਸ ਪੀ ਵਿਚ ਘੱਟੋ 150 ਰੁਪਏ ਕੁਇੰਟਲ ਵਾਧਾ ਕੀਤਾ ਜਾਵੇ।

# ਭਾਜਪਾ ਨੇ ਪੰਜਾਬ ਅਤੇ ਯੂ ਪੀ ਸਮੇਤ ਚੋਣਾਂ ਵਾਲੇ ਪੰਜ ਰਾਜਾਂ ਵਿੱਚ ਚੋਣ ਇੰਚਾਰਜ ਲਾਏ

ਨਵੀਂ ਦਿੱਲੀ, 8 ਸਤੰਬਰ, (ਪੋਸਟ ਬਿਊਰੋ)- ਅਗਲੇ ਸਾਲ 2022 ਵਿੱਚ ਜਿਹੜੇ ਪੰਜ ਰਾਜਾਂ ਵਿੱਚ ਵਿਧਾਨ ਸਭਾ ਚੋਣਾਂ ਹੋਣ ਵਾਲੀਆਂ ਹਨ, ਭਾਜਪਾ ਨੇ ਉਨ੍ਹਾਂ ਰਾਜਾਂ ਉੱਤਰ ਪ੍ਰਦੇਸ਼, ਪੰਜਾਬ, ਗੋਆ, ਮਣੀਪੁਰ ਤੇ ਉੱਤਰਾਖੰਡ ਲਈ ਪਾਰਟੀ ਵੱਲੋਂ ਚੋਣ ਪ੍ਰਬੰਧਾਂ ਅਤੇ ਹੋਰ ਪ੍ਰਕਿਰਿਆ ਦੇ ਇੰਚਾਰਜਾਂ ਦਾ ਐਲਾਨ ਕਰ ਦਿੱਤਾ ਹੈ।

ਅੱਜ ਜਾਰੀ ਕੀਤੇ ਐਲਾਨ ਮੁਤਾਬਕ ਭਾਜਪਾ ਹਾਈ ਕਮਾਂਡ ਨੇ ਕੇਂਦਰੀ ਸਿੱਖਿਆ ਮੰਤਰੀ ਤੇ ਹੁਨਰ ਵਿਕਾਸ ਮੰਤਰੀ ਧਰਮੇਂਦਰ ਪ੍ਰਧਾਨ ਨੂੰ ਉੱਤਰ ਪ੍ਰਦੇਸ਼ ਵਿਧਾਨ ਸਭਾ ਦੀਆਂ 403 ਵਿਧਾਨ ਸਭਾ ਸੀਟਾਂ ਲਈ ਚਾਰਜ ਦਿੱਤਾਤੇਕੇਂਦਰੀ ਜਲ ਸ਼ਕਤੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੂੰ ਪੰਜਾਬ ਦਾ ਜ਼ਿੰਮਾ ਦਿੱਤਾ ਹੈ। ਅਨੁਰਾਗ ਸਿੰਘ ਠਾਕੁਰ, ਅਰਜੁਨ ਮੇਘਵਾਲ, ਸਰੋਜ ਪਾਂਡੇ, ਸ਼ੋਭਾ ਕਰੰਦਲਾਜੇ, ਕੈਪਟਨ ਅਭਿਮਨਿਊ, ਅੰਨਪੂਰਨਾ ਦੇਵੀ ਅਤੇ ਵਿਵੇਕ ਠਾਕੁਰ ਵੀ ਇੰਚਾਰਜਾਂ ਦੀ ਸੂਚੀ ਵਿੱਚ ਹਨ।ਉੱਤਰ ਪ੍ਰਦੇਸ਼ ਵੱਲ ਭਾਜਪਾ ਦਾ ਖਾਸ ਧਿਆਨ ਹੈ, ਜਿੱਥੇ 2017 ਦੀਆਂ ਅਸੈਂਬਲੀ ਚੋਣਾਂ ਵਿੱਚ 403 ਮੈਂਬਰੀ ਵਿਧਾਨ ਸਭਾ ਵਿੱਚ ਉਸ ਨੇ ਪਿਛਲੀ ਵਾਰ 312 ਸੀਟਾਂ ਜਿੱਤੀਆਂ ਸਨ ਤੇ ਕਾਂਗਰਸ ਨੂੰ ਸਿਰਫ਼ ਸੱਤ ਸੀਟਾਂ ਮਿਲੀਆਂ ਸਨ, ਜਦਕਿ ਉਸਦੀ ਸਹਿਯੋਗੀ ਸਮਾਜਵਾਦੀ ਪਾਰਟੀ ਨੂੰ 47 ਅਤੇ ਬਸਪਾ ਨੂੰ 19 ਸੀਟਾਂ ਮਿਲੀਆਂ ਸਨ।

ਪੰਜਾਬ ਦੇ ਇੰਚਾਰਜ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਦੇ ਨਾਲ ਕੇਂਦਰ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਮਾਮਲਿਆਂ ਅਤੇ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਅਤੇ ਕੇਂਦਰੀ ਵਿਦੇਸ਼, ਸੱਭਿਆਚਾਰ ਤੇ ਸੈਰ ਸਪਾਟਾ ਰਾਜ ਮੰਤਰੀ ਮੀਨਾਕਸ਼ੀ ਲੇਖੀ ਤੇ ਵਿਨੋਦ ਚਾਵੜਾ ਨੂੰ ਕੋ-ਇੰਚਾਰਜ ਬਣਾਇਆ ਗਿਆ ਹੈ। ਇਨ੍ਹਾਂ ਚਾਰ ਲੋਕਾਂ ਨੂੰ ਪੰਜਾਬ ਵਿਧਾਨ ਸਭਾ ਦੀਆਂ 117 ਸੀਟਾਂ ਦਾ ਜ਼ਿੰਮਾ ਦਿੱਤਾ ਗਿਆ ਹੈ।ਪਾਰਲੀਮੈਂਟਰੀ ਕਾਰਜ ਮੰਤਰੀ ਪ੍ਰਹਿਲਾਦ ਜੋਸ਼ੀ ਨੂੰ ਉਤਰਾਖੰਡ ਦਾ ਇੰਚਾਰਜ ਅਤੇ ਲੌਕੇਟ ਚੈਟਰਜੀ ਅਤੇ ਆਰਪੀ ਸਿੰਘ ਉਨ੍ਹਾਂ ਨਾਲ ਕੋ-ਇੰਚਾਰਜ ਬਣਾ ਕੇ ਇਸ ਰਾਜ ਦੀਆਂ 70 ਵਿਧਾਨ ਸਭਾ ਸੀਟਾਂ ਉੱਤੇ ਕੰਮ ਕਰਨਲਈ ਜ਼ਿੰਮੇਵਾਰੀ ਸੌਂਪੀ ਗਈ ਹੈ।












ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | Gyan Singh, |
| **Office Admin** | Sajandeep Singh |
| **Graphic Designer** | Angrez Singh |
| **Photographer** | Kanwaljit Singh Kanwal |
| **Distributer** Marketing: | Aman Warraich Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਫਰੈਂਚ ਭਾਸ਼ਾ ਦੀ ਬਹਿਸ ਵਿੱਚ ਵੈਕਸੀਨੇਸ਼ਨ ਤੇ ਅਚਨਚੇਤੀ ਚੋਣਾਂ ਦਾ ਮੁੱਦਾ ਰਿਹਾ ਗਰਮਾਇਆ

...ਪੰਨਾ 1 ਦਾ ਬਾਕੀ

ਪੈਟ੍ਰਿਸ ਰੌਏ ਨੇ ਪੰਜੇ ਆਗੂਆਂ ਨੂੰ ਪੈਂਦੀ ਸੱਟੇ ਇਹ ਸਵਾਲ ਪੁੱਛਿਆ ਕਿ ਜੇ ਇਸ ਵਾਰੀ ਵੀ ਘੱਟ ਗਿਣਤੀ ਸਰਕਾਰ ਬਣਦੀ ਹੈ ਤਾਂ ਕਿ ਉਹ ਮੁੜ ਹਰ ਚੋਣਾਂ ਕਰਵਾਉਣ ਦੇ ਹੱਕ ਵਿੱਚ ਹੋਣਗੇ? ਇਸ ਉੱਤੇ ਲਿਬਰਲ ਆਗੂ ਜਸਟਿਨ ਟਰੂਡੋ ਨੇ ਮਹਾਂਮਾਰੀ ਦੇ ਇਸ ਦੌਰ ਵਿੱਚ ਕੈਨੇਡੀਅਨਜ਼ ਨੂੰ ਚੋਣਾਂ ਵੱਲ ਧੱਕਣ ਦੇ ਆਪਣੇ ਫੈਸਲੇ ਨੂੰ ਸਹੀ ਠਹਿਰਾਉਂਦਿਆਂ ਆਖਿਆ ਕਿ ਉਨ੍ਹਾਂ ਨੂੰ ਕੈਨੇਡੀਅਨਜ਼ ਵੱਲੋਂ ਸਪਸ਼ਟ ਫਤਵਾ ਚਾਹੀਦਾ ਸੀ ਕਿਉਂਕਿ ਇਸ ਸੱਭ ਕਾਸੇ ਵਿੱਚੋਂ ਕਿਵੇਂ ਨਿਕਲਿਆ ਜਾਵੇ ਇਸ ਵਿੱਚ ਕੈਨੇਡੀਅਨਜ਼ ਦਾ ਪੱਖ ਜਾਨਣਾ ਜ਼ਰੂਰੀ ਸੀ।

ਓਟੂਲ ਤੇ ਪਾਲ ਨੇ ਆਖਿਆ ਕਿ ਉਹ ਇਸ ਤਰ੍ਹਾਂ ਦੀਆਂ ਅਚਨਚੇਤੀ ਚੋਣਾਂ ਤੋਂ ਦੂਰ ਰਹਿਣਗੇ। ਬਲਾਂਸ਼ੇ ਨੇ ਆਖਿਆ ਕਿ ਪਿਛਲੇ ਹਫਤੇ ਟਰੂਡੋ ਨੇ ਇਹ ਆਖਿਆ ਸੀ ਕਿ ਅਗਲੇ 18 ਮਹੀਨਿਆਂ ਵਿੱਚ ਹੋਰ ਚੋਣਾਂ ਦੀ ਸੰਭਾਵਨਾਂ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਆਖਿਆ ਕਿ ਉਨ੍ਹਾਂ ਦੀ ਪਾਰਟੀ ਉਨ੍ਹਾਂ ਸਾਰੇ ਮਾਪਦੰਡਾਂ ਦਾ ਸਮਰਥਨ ਕਰੇਗੀ ਜਿਹੜੇ ਕਿਊਬਿਕ ਲਈ ਚੰਗੇ ਹੋਣਗੇ। ਜਗਮੀਤ ਸਿੰਘ ਨੇ ਆਖਿਆ ਕਿ ਅਸੀਂ ਇਹ ਚੋਣਾਂ ਨਹੀਂ ਸੀ ਚਾਹੁੰਦੇ। ਉਨ੍ਹਾਂ ਆਖਿਆ ਕਿ ਅਗਲੀ ਸਰਕਾਰ ਲਈ ਕੈਨੇਡੀਅਨਜ਼ ਜੋ ਫਤਵਾ ਦੇਣਗੇ ਉਸ ਦਾ ਉਹ ਆਦਰ ਕਰਨਗੇ।

ਇਹ ਪੁੱਛੇ ਜਾਣ ਉੱਤੇ ਕਿ ਕੀ ਵੈਕਸੀਨੇਸ਼ਨ ਲਾਜ਼ਮੀ ਹੋਣੀ ਚਾਹੀਦੀ ਹੈ ਤਾਂ ਟਰੂਡੋ ਨੇ ਇਸ ਮੁੱਦੇ ਉੱਤੇ ਗੱਲਬਾਤ ਨੂੰ ਝੂਠੀ ਬਹਿਸ ਦੱਸਿਆ। ਉਨ੍ਹਾਂ ਆਖਿਆ ਕਿ ਇਸ ਮਾਮਲੇ ਵਿੱਚ ਉਨ੍ਹਾਂ ਦੇ ਅਤੇ ਕੰਜ਼ਰਵੇਟਿਵ ਪਾਰਟੀ ਆਗੂ ਓਟੂਲ ਦੇ ਵਿਚਾਰ ਮੇਲ ਹੀ ਨਹੀਂ ਖਾਂਦੇ। ਉਨ੍ਹਾਂ ਦਾਅਵਾ ਕੀਤਾ ਕਿ ਟੋਰੀ ਆਗੂ ਦੀ ਨਜ਼ਰ ਵਿੱਚ ਵੈਕਸੀਨੇਸ਼ਨ ਤੇ ਰੈਪਿਡ ਟੈਸਟਿੰਗ ਬਰਾਬਰ ਹਨ। ਇਸ ਉੱਤੇ ਓਟੂਲ ਨੇ ਆਖਿਆ ਕਿ ਇਹ ਸਮਾਂ ਲਕਾਂ ਨੂੰ ਵੰਡਣ ਦਾ ਨਹੀਂ ਹੈ। ਸਾਨੂੰ ਰਲ ਕੇ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਆਖਿਆ ਕਿ ਵੈਕਸੀਨੇਸ਼ਨ ਜ਼ਰੂਰੀ ਹੈ ਪਰ ਰੈਪਿਡ ਟੈਸਟਿੰਗ, ਮਾਸਕ ਤੇ ਫਿਜ਼ੀਕਲ ਡਿਸਟੈਂਸਿੰਗ ਵੀ ਅਹਿਮ ਭੂਮਿਕਾ ਨਿਭਾਅ ਰਹੇ ਹਨ।

ਜਿਸ ਮਿਊਜ਼ੀਅਮ ਵਿੱਚ ਇਹ ਬਹਿਸ ਚੱਲ ਰਹੀ ਸੀ ਉਸ ਦੇ ਬਾਹਰ ਕੁੱਝ ਮੁਜ਼ਾਹਰਾਕਾਰੀ ਵੀ ਇੱਕਠੇ ਹੋ ਗਏ। ਕੁੱਝ ਨੇ ਪੀਪਲਜ਼ ਪਾਰਟੀ ਦੇ ਸਾਈਨ ਚੁੱਕੇ ਹੋਏ ਸਨ ਪਰ ਉਨ੍ਹਾਂ ਨੂੰ ਮਿਊਜ਼ੀਅਮ ਤੋਂ ਕਾਫੀ ਦੂਰ ਹੀ ਰੋਕ ਦਿੱਤਾ ਗਿਆ।

ਇਸ ਬਹਿਸ ਤੋਂ ਕੁੱਝ ਘੰਟੇ ਪਹਿਲਾਂ ਹੀ ਕੰਜ਼ਰਵੇਟਿਵਾਂ ਨੇ ਆਪਣੇ ਇਲੈਕਸ਼ਨ ਪਲੇਟਫਾਰਮ ਸਬੰਧੀ ਬੈਲੈਂਸ ਸ਼ੀਟ ਪੇਸ਼ ਕੀਤੀ।

# 30 ਸਤੰਬਰ ਨੂੰ ਓਨਟਾਰੀਓ ਵਿੱਚ ਨਹੀਂ ਹੋਵੇਗੀ ਵਿਧਾਨਕ ਛੁੱਟੀ

...ਪੰਨਾ 1 ਦਾ ਬਾਕੀ

ਲਈ ਸਾਲਾਨਾ ਕੌਮੀ ਦਿਵਸ ਵਜੋਂ ਮਿਥਿਆ ਗਿਆ ਸੀ।

ਇਹ ਵਿਧਾਨਕ ਛੁੱਟੀ ਫੈਡਰਲ ਸਰਕਾਰ ਤੇ ਫੈਡਰਲ ਸਰਕਾਰ ਵੱਲੋਂ ਨਿਯੰਤਰਿਤ ਕੰਮ ਵਾਲੀਆਂ ਥਾਂਵਾਂ ਦੇ ਇੰਪਲੌਈਜ਼ ਲਈ ਹੋਵੇਗੀ। ਬਿਆਨ ਵਿੱਚ ਆਖਿਆ ਗਿਆ ਕਿ ਇੰਪਲੌਇਰਜ਼ ਤੇ ਇੰਪਲੌਈਜ਼ ਇਸ ਨੂੰ ਵਿਧਾਨਕ ਛੁੱਟੀ ਵਜੋਂ ਮਨਾਉਣ ਲਈ ਸਹਿਮਤ ਹੋ ਸਕਦੇ ਹਨ। ਹੁਣ



ਤੱਕ ਬੀਸੀ, ਮੈਨੀਟੋਬਾ, ਨੋਵਾ ਸਕੋਸ਼ੀਆ ਤੇ ਨੌਰਥ ਵੈਸਟ ਟੈਰੇਟਰੀਜ਼ ਵੱਲੋਂ ਇਸ ਦਿਨ ਨੂੰ ਵਿਧਾਨਕ ਛੁੱਟੀ ਵਜੋਂ ਮਾਨਤਾ ਦਿੱਤੀ ਗਈ ਹੈ।


## ਲੇਡੀ ਵਰਕਰ ਦੀ ਲੋੜ

Best Western Hotel (Centennial & Eglinton) ਵਿਚ ਕਲੀਨਿੰਗ ਦਾ ਕੰਮ ਕਰਨ ਲਈ ਲੇਡੀ ਵਰਕਰ ਦੀ ਜ਼ਰੂਰਤ ਹੈ। ਡਿਊਟੀ ਦਾ ਸਮਾਂ 9-5:30 ਹੋਵੇਗਾ।

## ਹੈਂਡੀਮੈਨ ਦੀ ਲੋੜ

ਪਲੰਬਿੰਗ, ਇਲੈਟ੍ਰੀਸ਼ੀਅਨ ਅਤੇ ਕੰਸਟ੍ਰਕਸ਼ਨ ਦਾ ਥੋੜਾ ਬਹੁਤ ਤਜਰਬਾ ਰੱਖਣ ਵਾਲੇ ਹੈਂਡੀਮੈਨ ਦੀ ਲੋੜ ਹੈ। ਤਨਖਾਹ ਹੋਵੇਗੀ $20-22/ਹਰ ਦਿੱਤੀ ਜਾਵੇਗੀ।

**ਸੰਪਰਕ: 416-816-1695**

ਕਾਲ ਕਰਨ ਦਾ ਸਮਾਂ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ



## A-One Drivers TRAINING SCHOOL

G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ

ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ

ਫਰੀ ਪਿਕਅਪ

Best Rates For Lessons

- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ



ਲੇਡੀ ਇੰਸਟ੍ਰਕਟਰ

647-998-7500 ਬਲਵਿੰਦਰ


# ਟੋਰਾਂਟੋ ਦੇ ਕੈਮੀਕਲ ਪਲਾਂਟ ਵਿੱਚ ਹੋਇਆ ਧਮਾਕਾ, ਇੱਕ ਹਲਾਕ

...ਪੰਨਾ 1 ਦਾ ਬਾਕੀ

ਨੂੰ ਨਾਜ਼ੁਕ ਹਾਲਤ ਵਿੱਚ ਸੰਨੀਬਰੁੱਕ ਹਸਪਤਾਲ ਲਿਜਾਇਆ ਗਿਆ। ਇਹ ਜਾਣਕਾਰੀ ਟੋਰਾਂਟੋ ਫਾਇਰ ਦੇ ਕਾਰਜਕਾਰੀ ਚੀਫ ਜਿੰਮ ਜੈਸਪ ਨੇ ਪੱਤਰਕਾਰਾਂ ਨੂੰ ਦਿੱਤੀ।

ਟੋਰਾਂਟੋ ਫਾਇਰ ਅਨੁਸਾਰ ਕਈ ਹੋਰ ਲੋਕ ਵੀ ਕੈਮੀਕਲ ਕਾਰਨ ਕਈ ਥਾਂਵਾਂ ਤੋਂ ਸੜ ਗਏ ਤੇ ਇਸ ਵੇਲੇ ਹਸਪਤਾਲ ਵਿੱਚ ਉਨ੍ਹਾਂ ਦਾ ਮੁਆਇਨਾ ਤੇ ਇਲਾਜ ਕੀਤਾ ਜਾ ਰਿਹਾ ਹੈ। ਮ੍ਰਿਤਕ ਦੀ ਪਛਾਣ ਅਜੇ ਜਾਰੀ ਨਹੀਂ ਕੀਤੀ ਗਈ ਹੈ। ਉਨ੍ਹਾਂ ਆਖਿਆ ਕਿ ਸਾਡਾ ਅਮਲਾ ਮਾਲਕ ਨਾਲ ਰਲ ਕੇ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਕਿ ਸਥਿਤੀ ਉੱਤੇ ਕਾਬੂ ਪਾਇਆ ਜਾ ਚੁੱਕਿਆ ਹੈ ਤੇ ਆਮ ਜਨਤਾ ਨੂੰ ਕੋਈ ਖਤਰਾ ਤਾਂ ਨਹੀਂ ਹੈ।

ਲੇਬਰ ਮੰਤਰਾਲੇ ਨੂੰ ਵੀ ਧਮਾਕੇ ਦੀ ਜਾਣਕਾਰੀ ਦੇ ਦਿੱਤੀ ਗਈ ਹੈ। ਇਸ ਸਬੰਧ ਵਿੱਚ ਜਾਂਚ ਕਰਨ ਲਈ ਇੱਕ ਇੰਸਪੈਕਟਰ ਵੀ ਤਾਇਨਾਤ ਕਰ ਦਿੱਤਾ ਗਿਆ ਹੈ।

## ਘਰ ਉੱਤੇ ਗੋਲੀ ਚਲਾਉਣ ਵਾਲੇ ਨੂੰ ਪੁਲਿਸ ਨੇ ਦੱਸਿਆ ਖਤਰਨਾਕ

...ਪੰਨਾ 1 ਦਾ ਬਾਕੀ

ਲਾਇਆ ਗਿਆ ਕਿ ਮਸ਼ਕੂਕ ਨੇ ਇੱਕ 20 ਸਾਲਾ ਮਹਿਲਾ ਉੱਤੇ ਗੋਲੀ ਚਲਾਈ। ਇਸ ਤੋਂ ਥੋੜ੍ਹੀ ਦੇਰ ਬਾਅਦ ਹੀ ਉਹ ਮੌਕੇ ਤੋਂ ਫਰਾਰ ਹੋ ਗਿਆ।

ਪੁਲਿਸ ਨੇ ਦੱਸਿਆ ਕਿ ਇੱਕ 18 ਸਾਲਾ ਵਿਅਕਤੀ ਨੂੰ ਕੋਈ ਸੱਟ ਫੇਟ ਨਹੀਂ ਲੱਗੀ। ਉਸ ਮਹਿਲਾ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜ-ਾਇਆ ਗਿਆ ਜਿੱਥੇ ਉਹ ਜ਼ੇਰੇ ਇਲਾਜ ਹੈ। ਬੁੱਧਵਾਰ ਨੂੰ ਪੁਲਿਸ ਨੇ ਵਾਂਟਿਡ ਮਸ਼ਕੂਕ ਦੀ ਪਛਾਣ 19 ਸਾਲਾ ਇਸ-ਾਇਆਹ ਬਾਚੂ ਵਜੋਂ ਕੀਤੀ ਹੈ ਤੇ ਇਸ ਨੂੰ ਹਥਿਆਰਬੰਦ ਤੇ ਖਤਰਨਾਕ ਦੱਸਿਆ ਜਾ ਰਿਹਾ ਹੈ।


## ਫਾਰਮਾਂ ਵਿਚ ਕੰਮ ਕਰਨ ਲਈ ਕਾਮਿਆਂ ਦੀ ਲੋੜ

ਬਰੈਂਪਟਨ, ਮਿਸੀਸਾਗਾ, ਮਾਲਟਨ, ਮਿਲਟਨ, ਕੈਲੇਡਨ ਤੋਂ ਪਿਕਅਪ। ਵਧੀਆ ਤਨਖਾਹ ਦਿੱਤੀ ਜਾਵੇਗੀ।

ਸੰਪਰਕ: ਅਜੈਬ ਸਹੋਤਾ

**4165618882, 4164544587**


## ਬੈਂਕ ਆਫ ਕੈਨੇਡਾ ਨੇ ਵਿਆਜ਼ ਦਰਾਂ ਪਹਿਲਾਂ ਜਿੰਨੀਆਂ ਹੀ ਰੱਖੀਆਂ

...ਪੰਨਾ 1 ਦਾ ਬਾਕੀ

ਤੱਕ ਵਿਕਾਸ ਕਰਨ ਦੀ ਸੰਭਾਵਨਾ ਹੈ, ਜੋ ਕਿ ਪਹਿਲਾਂ ਕੀਤੀ ਗਈ ਇਸ ਦੀ 6·5 ਫੀ ਸਦੀ ਦੀ ਪੇਸ਼ੀਨਿਗੋਈ ਤੋਂ ਘੱਟ ਸੀ। 2022 ਲਈ ਬੈਂਕ ਵੱਲੋਂ 4·6 ਫੀ ਸਦੀ ਵਿਕਾਸ ਦੀ ਸੰਭਾਵਨਾ ਦੀ ਪੇਸ਼ੀਨਿਗੋਈ ਕੀਤੀ ਗਈ ਹੈ, ਜੋ ਕਿ ਇਸ ਦੀ ਪਹਿਲਾਂ ਕੀਤੀ ਗਈ 3·7 ਫੀ ਸਦੀ ਦੀ ਭਵਿੱਖਬਾਣੀ ਤੋਂ ਵੱਧ ਹੈ।


## SherGill Law Firm

Barrister, Solicitor & Notary Public

Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters

Paramjit Singh Gill
(MBA,LL.B.)
Tel: 905-790-3636



2565 Steeles Ave E Unit #20, Brampton, ON L6T 4L6




Emergency Contact:
416.910.5676
www.shergilllawfirm.ca



## ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ

Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM

Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:

satlokashramcanada@gmail.com
satsahibusa@gmail.com

647-739-4641
346-714-0224



## Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111






## BEST CANADIAN TRUCK & FORKLIFT TRAINING CENTRE

Best Canadian Truck & Forklift Training Centre

Registered as a Private Career College Under the Private Career College Act. 2005







- AZ Tractor trailer program
- Manual transmission & backup training everyday
- We welcome welfare workers & compensation clients

Open Seven Days

Forklift Re-Certification Only $79.00/-



Karnail Singh

416.670.3173 | 905.799.7333
27 Edvac Dr, Brampton, ON L6S 5X8

# ਪੰਜਾਬ ਵਿੱਚ ਪ੍ਰਾਈਵੇਟ ਬੱਸਾਂ ਦੇ ਗੈਰ ਕਾਨੂੰਨੀ ਪਰਮਿਟ ਰੱਦ ਹੋਣ ਲੱਗੇ

### * ਵੱਡੇ ਰਾਜਸੀ ਘਰਾਣੇ ਨੂੰ ਰਗੜਾ ਲੱਗ ਸਕਦੈ

ਚੰਡੀਗੜ੍ਹ, 8 ਸਤੰਬਰ (ਪੋਸਟ ਬਿਊਰੋ)- ਪੰਜਾਬ ਸਰਕਾਰ ਨੂੰ ਆਖਰ ਗੈਰ ਕਾਨੂੰਨੀ ਬੱਸ ਪਰਮਿਟ ਰੱਦ ਕਰਨ ਦਾ ਅੱਕ ਚੱਬਣਾ ਪੈ ਰਿਹਾ ਹੈ, ਜਿਸ ਨਾਲ ਸਿੱਧੇ ਤੌਰ ਉੱਤੇਇੱਕ ਵੱਡੇ ਰਾਜਸੀ ਘਰਾਣੇ ਨੂੰ ਵਿੱਤੀ ਸੱਟ ਵੱਜਣੀ ਹੈ।

ਵਰਨਣ ਯੋਗ ਹੈ ਕਿ ਕਾਂਗਰਸ ਹਾਈ ਕਮਾਨ ਨੇ 18 ਨੁਕਾਤੀ ਏਜੰਡੇ ਹੇਠ 'ਬੱਸ ਮਾਫੀਆ' ਨੂੰ ਨਕੇਲ ਪਾਉਣ ਲਈ ਮੁੱਖ ਮੰਤਰੀ ਅਮਰਿੰਦਰ ਸਿੰਘ ਨੂੰ ਟੀਚਾ ਦਿੱਤਾ ਸੀ। ਕਾਂਗਰਸ ਦਾ ਬੱਸ ਮਾਫੀਆ ਨੂੰ ਨੱਥ ਪਾਉਣ ਦਾ ਚੋਣ ਵਾਅਦਾ ਵੀ ਸੀ ਤੇ ਵਿਰੋਧੀ ਧਿਰਾਂ ਹਾਕਮ ਧਿਰ ਉੱਤੇ ਦੋਸਤਾਨਾ ਮੈਚ ਖੇਡਣ ਦੇ ਦੋਸ਼ ਲਾਉਂਦੀਆਂ ਸਨ। ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਵੀ ਇਸ ਮੁੱਦੇ ਉੱਤੇ ਨਿਸ਼ਾਨਾ ਸਾਧਿਆ ਹੋਇਆ ਸੀ। ਚਰਚੇ ਹਨ ਕਿ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਸ਼ੁਰੂ ਤੋਂ ਇਸ ਬਾਰੇ ਡੰਗ ਟਪਾ ਰਹੀ ਸੀ ਅਤੇ ਜਦੋਂ ਅਗਲੀਆਂ ਚੋਣਾਂ ਸਿਰ ਉੱਤੇ ਹਨ ਤਾਂ ਇਹ ਗੈਰ ਕਾਨੂੰਨੀ ਪਰਮਿਟ ਰੱਦ ਕਰਨ ਦੀ ਪ੍ਰਕਿਰਿਆ ਤੇਜ਼ ਕਰ ਦਿੱਤੀ ਹੈ। ਟਰਾਂਸਪੋਰਟ ਵਿਭਾਗ ਪੰਜਾਬ ਨੇ ਗੈਰ ਕਾਨੂੰਨੀ ਬੱਸ ਪਰਮਿਟ ਰੱਦ ਕਰਨ ਤੋਂ ਪਹਿਲਾਂ ਪ੍ਰਾਈਵੇਟ ਬੱਸ ਆਪਰੇਟਰਾਂ ਨੂੰ ਨੋਟਿਸ ਭੇਜ ਕੇ ਨਿੱਜੀ ਸੁਣਵਾਈ ਦਾ ਮੌਕਾ ਦਿੱਤਾ ਸੀ। ਇਹ ਕੰਮ ਹੋਣ ਪਿੱਛੋਂ ਟਰਾਂਸਪੋਰਟ ਵਿਭਾਗ ਨੇ ਕਾਨੂੰਨੀ ਮਸ਼ਵਰੇ ਲਈ ਫਾਈਲ ਐਡਵੋਕੇਟ ਜਨਰਲ ਕੋਲ ਭੇਜ ਦਿੱਤੀ ਹੈ।



ਜਾਣਕਾਰ ਸੂਤਰਾਂ ਅਨੁਸਾਰ ਐਡਵੋਕੇਟ ਜਨਰਲ ਨੇ ਬੀਤੇ ਦਿਨੀਂ ਸਟੇਟ ਟਰਾਂਸਪੋਰਟ ਕਮਿਸ਼ਨਰ ਨਾਲ ਇਸ ਬਾਰੇ ਕਾਨੂੰਨੀ ਪੱਖ ਤੋਂ ਲੰਮੀ ਵਿਚਾਰ ਕੀਤੀ ਸੀ। ਪਤਾ ਲੱਗਾ ਹੈ ਕਿ ਪੰਜਾਬ ਦੇ ਕਰੀਬ 340 ਬੱਸ ਆਪਰੇਟਰਾਂ ਦੇ 700 ਤੋਂ ਵੱਧ ਗੈਰ ਕਾਨੂੰਨੀ ਬੱਸ ਪਰਮਿਟ ਹਨ, ਜਿਹੜੇ ਰੱਦ ਹੋਣੇ ਹਨ। ਅਦਾਲਤੀ ਫੈਸਲਿਆਂ ਮਗਰੋਂ ਵੀ ਇਹ ਪਰਮਿਟ ਰੱਦ ਕਰਨ ਦੀ ਪ੍ਰਕਿਰਿਆ ਕੀੜੀ ਦੀ ਚਾਲ ਚੱਲ ਰਹੀ ਸੀ, ਜਿਸ ਬਾਰੇ ਮੁੱਖ ਮੰਤਰੀ ਅਮਰਿੰਦਰ ਸਿੰਘ ਉੱਤੇ ਉਂਗਲ ਵੀ ਉਠੀ ਹੈ। ਇਹ ਵੀ ਪਤਾ ਲੱਗਾ ਹੈ ਕਿ ਗੈਰ ਕਾਨੂੰਨੀ ਪਰਮਿਟਾਂ ਵਿੱਚ ਕਾਫੀ ਹਿੱਸਾ ਉਸ ਸਿਆਸੀ ਘਰਾਣੇ ਦਾ ਹੈ, ਜਿਨ੍ਹਾਂ ਦੀਆਂ ਬੱਸਾਂ ਦੀ ਇਸ ਰਾਜ ਵਿੱਚ ਤੂਤੀ ਬੋਲ ਰਹੀ ਹੈ। ਅਕਾਲੀ-ਭਾਜਪਾ ਗੱਠਜੋੜ ਸਰਕਾਰ ਸਮੇਂ ਨਿਯਮਾਂ ਤੋਂ ਉਲਟ ਜਾ ਕੇ ਟਰਾਂਸਪੋਰਟ ਵਿਭਾਗ ਨੇ ਸਿਆਸੀ ਪਹੁੰਚ ਵਾਲੇ ਟਰਾਂਸਪੋਰਟਰਾਂ ਦੇ ਬੱਸ ਪਰਮਿਟਾਂ ਵਿੱਚ ਇੱਕ ਤੋਂ ਵੱਧ ਵਾਰ ਰੂਟਾਂ ਦਾ ਵਾਧਾ ਕੀਤਾ ਸੀ। ਰੂਟਾ ਵਿੱਚ ਉਹ ਗੈਰ ਕਾਨੂੰਨੀ ਵਾਧੇ ਵਾਲੇ ਪਰਮਿਟ ਰੱਦ ਕੀਤੇ ਜਾਣੇ ਹਨ। ਕੈਪਟਨ ਸਰਕਾਰ ਨੇ 22 ਫਰਵਰੀ 2018 ਨੂੰ ਨਵੀਂ ਟਰਾਂਸਪੋਰਟ ਪਾਲਿਸੀ ਬਣਾਈ ਸੀ, ਜੋ ਹਾਲੇ ਤਕ ਲਾਗੂ ਨਹੀਂ ਹੋ ਸਕੀ। ਇਸ ਬੱਸ ਮਾਫੀਆ ਕਾਰਨ ਪੀ ਆਰ ਟੀ ਸੀ ਅਤੇ ਪੰਜਾਬ ਰੋਡਵੇਜ਼ ਨੂੰ ਰਗੜਾ ਲੱਗ ਰਿਹਾ ਹੈ।

ਦੱਸਿਆ ਜਾਂਦਾ ਹੈ ਕਿ ਟਰਾਂਸਪੋਰਟ ਵਿਭਾਗ ਵਿੱਚ ਵੱਡੇ ਘਰਾਣੇ ਦੇ ਨੇੜਲੇ ਅਧਿਕਾਰੀ ਉਪਰ ਤੋਂ ਹੇਠਾਂ ਤਕ ਤੈਨਾਤ ਹਨ। ਇਹ ਅਧਿਕਾਰੀ ਫਾਈਲਾਂ ਦੱਬ ਕੇ ਅਤੇ ਘੁਣਤਰਾਂ ਕੱਢ ਕੇ ਗੈਰ ਕਾਨੂੰਨੀ ਪਰਮਿਟ ਰੱਦ ਕਰਨ ਦੇ ਰਾਹ ਰੋਕਦੇ ਹਨ। ਇੱਕ ਸੀਨੀਅਰ ਅਧਿਕਾਰੀ ਮੁਤਾਬਕ ਹਾਈ ਕੋਰਟ ਦੇ ਫੈਸਲੇ ਦੇ ਨੁਕਤੇ ਤੋਂ ਗੈਰ ਕਾਨੂੰਨੀ ਪਰਮਿਟਾਂ ਬਾਰੇ ਕਾਨੂੰਨੀ ਰਾਇ ਲੈਣ ਲਈ ਫਾਈਲ ਐਡਵੋਕੇਟ ਜਨਰਲ ਕੋਲ ਜਾ ਚੁੱਕੀ ਹੈ।

ਇਸ ਦੌਰਾਨ ਟਰਾਂਸਪੋਰਟ ਵਿਭਾਗ ਨੇ ਪੰਜਾਬ ਦੇ 248 ਨਵੇਂ ਬੱਸ ਪਰਮਿਟ ਦੇਣ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਕਾਂਗਰਸ ਸਰਕਾਰ ਵੱਲੋਂ ਸਾਢੇ ਚਾਰ ਸਾਲਾਂ ਪਿੱਛੋਂ ਪਹਿਲੀ ਵਾਰ ਵੱਡੀਆਂ ਬੱਸਾਂ ਦੇ ਪਰਮਿਟ ਦੇਣ ਦਾ ਫੈਸਲਾ ਕੀਤਾ ਗਿਆ ਹੈ। ਅੰਮ੍ਰਿਤਸਰ, ਬਠਿੰਡਾ, ਫਰੀਦਕੋਟ, ਹੁਸ਼ਿਆਰਪੁਰ ਅਤੇ ਜਲੰਧਰ ਦੀ ਖੇਤਰੀ ਅਥਾਰਟੀ ਵੱਲੋਂ ਜਨਤਕ ਨੋਟਿਸ ਜਾਰੀ ਕੀਤਾ ਗਿਆ ਹੈ ਜਿਸ ਤਹਿਤ ਕੌਮੀ ਸੜਕ ਮਾਰਗਾਂ ਉੱਤੇ ਕੁੱਲ ਪਰਮਿਟਾਂ ਵਿੱਚੋਂ ਪੰਜਾਹ ਫੀਸਦੀ ਪਰਮਿਟ ਪਬਲਿਕ ਟਰਾਂਸਪੋਰਟ ਨੂੰ ਦਿੱਤੇ ਜਾਣੇ ਹਨ। ਪਰਮਿਟ ਦੇ ਚਾਹਵਾਨਾਂ ਤੋਂ ਸੱਤ ਅਕਤੂਬਰ ਤਕ ਦਰਖਾਸਤਾਂ ਦੀ ਮੰਗ ਕੀਤੀ ਗਈ ਹੈ ਅਤੇ 10 ਹਜ਼ਾਰ ਰੁਪਏ ਦਰਖਾਸਤ ਫੀਸ ਰੱਖੀ ਗਈ ਹੈ।

ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਹਰਪਾਲ ਸਿੰਘ ਚੀਮਾ ਦਾ ਕਹਿਣਾ ਹੈ ਕਿ ਬੱਸ ਮਾਫੀਆ ਅਸਲ ਵਿੱਚ ਸਿਆਸਤਦਾਨ ਹੀ ਚਲਾ ਰਹੇ ਹਨ ਜਿਸ ਕਰ ਕੇ ਮੌਜੂਦਾ ਸਰਕਾਰ ਤੋਂ ਗੈਰ ਕਾਨੂੰਨੀ ਪਰਮਿਟ ਰੱਦ ਕੀਤੇ ਜਾਣ ਦੀ ਕੋਈ ਉਮੀਦ ਨਹੀਂ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਉੱਤੇ ਇਹ ਪਰਮਿਟ ਰੱਦ ਕੀਤੇ ਜਾਣਗੇ।

## ਸੁਪਰੀਮ ਕੋਰਟ ਦੀ ਕਮੇਟੀ ਦੇ ਮੈਂਬਰ ਵੱਲੋਂ ਖੇਤੀ ਕਾਨੂੰਨਾਂ ਦੀ ਰਿਪੋਰਟ ਜਨਤਕ ਕਰਨ ਦੀ ਮੰਗ

ਨਵੀਂ ਦਿੱਲੀ, 8 ਸਤੰਬਰ (ਪੋਸਟ ਬਿਊਰੋ)- ਭਾਰਤ ਸਰਕਾਰ ਦੇ ਖੇਤੀਬਾੜੀ ਕਾਨੂੰਨਾਂ ਬਾਰੇ ਸੁਪਰੀਮ ਕੋਰਟ ਵੱਲੋਂ ਬਣਾਈ ਗਈਕਮੇਟੀ ਦੇ ਮੈਂਬਰ ਅਨਿਲ ਘਣਵਤ ਨੇ ਭਾਰਤ ਦੇ ਚੀਫ ਜਸਟਿਸ ਐਨ ਵੀ ਰਾਮੰਨਾ ਨੂੰ ਲਿਖੇ ਪੱਤਰ ਵਿੱਚ ਕਿਹਾ ਹੈ ਕਿ ਕਮੇਟੀ ਰਿਪੋਰਟ ਜਨਤਕ ਕੀਤੀ ਜਾਵੇ ਤੇ ਇਹ ਸਰਕਾਰ ਨਾਲ ਸਾਂਝੀ ਕੀਤੀ ਜਾਵੇ।



ਸ਼ੇਤਕਾਰੀ ਸੰਗਠਨ ਦੇ ਪ੍ਰਧਾਨ ਅਤੇ ਸੁਪਰੀਮ ਕੋਰਟ ਦੀ ਮਾਹਿਰਾਂ ਦੀ ਕਮੇਟੀ ਦੇ ਮੈਂਬਰ ਘਣਵਤ ਨੇ ਇਸ ਪੱਤਰ ਵਿੱਚ ਲਿਖਿਆ ਹੈ ਕਿ ਇਹ ਰਿਪੋਰਟ ਕਿਸਾਨਾਂ ਦੀਆਂ ਸਾਰੀਆਂ ਚਿੰਤਾਵਾਂ ਦੂਰ ਕਰਦੀ ਹੈ ਅਤੇ ਕਮੇਟੀ ਨੂੰ ਯਕੀਨ ਹੈ ਕਿ ਉਨ੍ਹਾਂ ਦੀਆਂ ਸਿਫਾਰਸ਼ਾਂ ਲੰਮੇ ਸਮੇਂ ਤੋਂ ਜਾਰੀ ਟਕਰਾਅ ਦੇ ਹੱਲ ਲਈ ਰਾਹ ਕੱਢਣਗੀਆਂ। ਘਣਵਤ ਨੇ ਕਿਹਾ ਕਿ ਕਮੇਟੀ ਦੇ ਮੈਂਬਰ ਵਜੋਂ ਤੇ ਖਾਸ ਕਰ ਕੇ ਕਿਸਾਨ ਭਾਈਚਾਰੇ ਦੇ ਨੁਮਾਇੰਦੇ ਵਜੋਂ ਉਹ ਦੁਖੀ ਹਨ ਕਿ ਕਿਸਾਨਾਂ ਵੱਲੋਂ ਉਠਾਏ ਮੁੱਦਿਆਂ ਦਾ ਹਾਲੇ ਤਕ ਹੱਲ ਨਹੀਂ ਨਿਕਲਿਆ ਤੇ ਅੰਦੋਲਨ ਜਾਰੀ ਹੈ। ਉਨ੍ਹਾ ਕਿਹਾ ਕਿ ਉਹ ਮਹਿਸੂਸ ਕਰਦੇ ਹਨ ਕਿ ਰਿਪੋਰਟ ਵੱਲ ਸੁਪਰੀਮ ਕੋਰਟ ਨੇ ਧਿਆਨ ਹੀ ਨਹੀਂ ਦਿੱਤਾ। ਵਰਨਣ ਯੋਗ ਹੈ ਕਿ ਸੁਪਰੀਮ ਕੋਰਟ ਨੇ ਖੇਤੀ ਕਾਨੂੰਨਾਂ ਉਤੇ ਰੋਕ ਲਾ ਕੇ 12 ਜਨਵਰੀ ਨੂੰ ਇੱਕ ਕਮੇਟੀ ਬਣਾ ਕੇ ਤਿੰਨਾਂ ਖੇਤੀ ਕਾਨੂੰਨਾਂ ਬਾਰੇ ਦੋ ਮਹੀਨਿਆਂ ਵਿੱਚ ਰਿਪੋਰਟ ਦੇਣ ਨੂੰ ਕਿਹਾ ਸੀ। ਇਸ ਕਮੇਟੀ ਨੇ ਵੱਖ-ਵੱਖ ਧਿਰਾਂ ਨਾਲ ਤਾਲਮੇਲ ਕਰ ਕੇ 19 ਮਾਰਚ ਤੋਂ ਪਹਿਲਾਂ ਰਿਪੋਰਟ ਪੇਸ਼ ਕਰ ਦਿੱਤੀ ਸੀ। ਕਮੇਟੀ ਵਿੱਚ ਪਹਿਲਾਂ ਚਾਰ ਮੈਂਬਰ ਸਨ, ਪਰ ਮਗਰੋਂ ਇੱਕ ਮੈਂਬਰ ਭੁਪਿੰਦਰ ਸਿੰਘ ਮਾਨ ਨੇ ਅਸਤੀਫਾ ਦੇ ਦਿੱਤਾ ਸੀ।

## ਮਹਿਲਾ ਪਟਵਾਰੀ ਤੇ ਸਹਾਇਕ ਰਿਸ਼ਵਤ ਲੈਂਦੇ ਵਿਜੀਲੈਂਸ ਵੱਲੋਂ ਕਾਬੂ

ਚੰਡੀਗੜ੍ਹ, 8 ਸਤੰਬਰ (ਪੋਸਟ ਬਿਊਰੋ)- ਪੰਜਾਬ ਵਿਜੀਲੈਂਸ ਬਿਊਰੋ ਨੇ ਕੱਲ੍ਹ ਮਾਲ ਹਲਕਾ ਬਾਜੇਵਾਲਾ, ਜ਼ਿਲ੍ਹਾ ਮਾਨਸਾ ਦੀ ਮਹਿਲਾ ਪਟਵਾਰੀ ਅਮਨਦੀਪ ਕੌਰ ਤੇ ਉਸ ਦੇ ਸਹਾਇਕ ਤੇ ਡਰਾਈਵਰ ਵਜੋਂ ਕੰਮ ਕਰਦੇ ਪ੍ਰਾਈਵੇਟ ਵਿਅਕਤੀ ਹਰਜੀਤ ਸਿੰਘ ਨੂੰ 6,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਬਾਰੇ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਮਹਿਲਾ ਪਟਵਾਰੀ ਨੂੰ ਪਿੰਡ ਬਾਜੇਵਾਲਾ ਦੇ ਸ਼ਿਕਾਇਤਕਰਤਾ ਰਾਜਾ ਸਿੰਘ ਦੀ ਸ਼ਿਕਾਇਤ ਉੱਤੇ 6,000 ਰੁਪਏ ਰਿਸ਼ਵਤ ਲੈਂਦੇਫੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਨੇ ਜ਼ਮੀਨ ਦੇ ਤਬਾਦਲੇ ਦਾ ਇੰਤਕਾਲ ਦਰਜ ਕਰਨ ਲਈ 12,000 ਰੁਪਏ ਦੀ ਮੰਗ ਕੀਤੀ ਸੀ, ਪਰ ਸੌਦਾ 10,000 ਰੁਪਏ ਵਿੱਚ ਤੈਅ ਹੋਇਆ ਹੈ। ਉਨ੍ਹਾਂ ਦੱਸਿਆ ਕਿ ਉਹ ਦੋਸ਼ੀ ਮਹਿਲਾ ਪਟਵਾਰੀ ਨੂੰ ਪਹਿਲੀ ਕਿਸ਼ਤ ਦੇ 4,000 ਰੁਪਏ ਪਹਿਲਾਂ ਹੀ ਅਦਾ ਕਰ ਚੁੱਕਾ ਹੈ।

## ਪੋਰਨ ਫਿਲਮ ਕੇਸ ਵਿਚ ਐਕਟਰੈੱਸ ਗਹਿਣਾ ਵਸ਼ਿਸ਼ਟ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਰੱਦ

ਮੁੰਬਈ, 8 ਸਤੰਬਰ (ਪੋਸਟ ਬਿਊਰੋ)- ਬੰਬੇ ਹਾਈ ਕੋਰਟ ਨੇ ਪੋਰਨੋਗਰਾਫੀ ਫਿਲਮਾਂ ਦੇ ਇੱਕ ਕੇਸ ਵਿੱਚ ਅਭਿਨੇਤਰੀ ਗਹਿਣਾ ਵਸ਼ਿਸ਼ਟ ਦੀ ਅਗਾਊਂ ਜ਼ਮਾਨਤ ਅਰਜ਼ੀ ਕੱਲ੍ਹ ਰੱਦ ਕਰ ਦਿੱਤੀ। ਵਸ਼ਿਸ਼ਠ ਉੱਤੇ ਅਸ਼ਲੀਲ ਫਿਲਮਾਂ ਵਿੱਚ ਕੰਮ ਦੇ ਲਈ ਔਰਤਾਂ ਨੂੰ ਧਮਕਾਉਣ, ਉਨ੍ਹਾਂ ਨਾਲ ਜਬਰਦਸਤੀ ਕਰਨ ਅਤੇ ਪੈਸਿਆਂ ਦਾ ਲਾਲਚ ਦੇਣ ਦਾ ਦੋਸ਼ ਹੈ।

ਜਸਟਿਸ ਐਸ ਕੇ ਸ਼ਿੰਦੇ ਨੇ ਕੱਲ੍ਹਗਹਿਣਾ ਵਸ਼ਿਸ਼ਟ ਨੂੰ ਅਗਾਊਂ ਜ਼ਮਾਨਤ ਦੇਣ ਤੋਂ ਨਾਂਹ ਕਰ ਦਿੱਤੀ। ਵਸ਼ਿਸ਼ਟਨੇ ਇਸ ਕੇਸ ਵਿੱਚ ਗ੍ਰਿਫਤਾਰੀ ਤੋਂ ਬਚਣ ਲਈ ਪਿਛਲੇ ਮਹੀਨੇ ਅਰਜ਼ੀ ਦਿੱਤੀ ਸੀ। ਉਸ ਉੱਤੇ ਧਾਰਾ 354-ਬੀ (ਮਹਿਲਾ ਦੀ ਮਰਿਆਦਾ ਭੰਗ ਕਰਨ), 292 ਅਤੇ 293 (ਅਸ਼ਲੀਲ ਸਮੱਗਰੀ ਦੀ ਵਿਕਰੀ), ਤਕਨੀਕੀ ਐਕਟ ਦੀ ਧਾਰਾ 66 ਈ, 67, 67 ਏ (ਅਸ਼ਲੀਲ ਸਮੱਗਰੀ ਦਾ ਪ੍ਰਸਾਰਨ) ਅਤੇ ਔਰਤਾਂ ਦੀ ਅਸ਼ਲੀਲ ਪੇਸ਼ਕਾਰੀ ਰੋਕੂ ਐਕਟ ਦੀ ਧਾਰਾ ਹੇਠ ਕੇਸ ਦਰਜ ਕੀਤਾ ਗਿਆ ਹੈ। ਪੋਰਨ ਫਿਲਮ ਰੈਕੇਟ ਕੇਸ ਵਿੱਚ ਪੁਲਸ ਨੇ ਕਈ ਲੋਕਾਂ ਖਿਲਾਫ ਤਿੰਨ ਪਰਚੇ ਦਰਜ ਕੀਤੇਹਨ। ਅਭਿਨੇਤਰੀ ਸ਼ਿਲਪਾ ਸ਼ੈਟੀ ਦਾ ਪਤੀ ਤੇ ਕਾਰੋਬਾਰੀ ਰਾਜ ਕੁੰਦਰਾ ਵੀ ਇੱਕ ਕੇਸ ਵਿੱਚ ਦੋਸ਼ੀ ਹੈ। ਉਸ ਨੂੰ ਇਸੇ ਸਾਲ 19 ਜੁਲਾਈ ਨੂੰ ਗ੍ਰਿਫਤਾਰ ਕੀਤਾ ਗਿਆ ਸੀ ਤੇ ਅਜੇ ਉਹ ਜੇਲ੍ਹ ਵਿੱਚ ਹੈ। ਵਸ਼ਿਸ਼ਠ ਦੇ ਖਿਲਾਫ ਕੇਸ ਇਹ ਹੈ ਕਿ ਉਸ ਨੇ ਐਕਟਿੰਗ ਦਾ ਛੋਟਾ-ਮੋਟਾ ਕੰਮ ਦਿਵਾਉਣ ਦੇ ਬਹਾਨੇ ਔਰਤਾਂ ਨੂੰ ਝਾਂਸਾ ਦਿੱਤਾ ਅਤੇ ਅਸ਼ਲੀਲ ਫਿਲਮਾਂ ਵਿੱਚ ਕੰਮ ਕਰਨ ਦਾ ਲਾਲਚ ਦਿੱਤਾ। ਇਸ ਪਿੱਛੋਂ ਇਨ੍ਹਾਂ ਫਿਲਮਾਂ ਨੂੰ ਕੁੰਦਰਾ ਦੇ ਮੋਬਾਈਲ ਐਪ ਹੌਟਸ਼ਾਟਸ ਉੱਤੇ ਅਪਲੋਡ ਕੀਤਾ ਗਿਆ ਸੀ।ਪੁਲਸ ਨੇ ਬਾਅਦ ਵਿੱਚ ਹੇਠਲੀ ਕੋਰਟ ਵਿੱਚ ਇੱਕ ਅਰਜ਼ੀ ਦਾਇਰ ਕੀਤੀ ਸੀ, ਜਿਸ ਵਿੱਚ ਗਹਿਣਾ ਵਸ਼ਿਸ਼ਠ ਦੇ ਖਿਲਾਫ ਧਾਰਾ 370 (ਕਿਸੇ ਵਿਅਕਤੀ ਨੂੰ ਉਸ ਦੀ ਇੱਛਾ ਦੇ ਵਿਰੁੱਧ ਬੰਦੀ ਬਣਾ ਕੇ ਰੱਖਣਾ) ਦਾ ਇੱਕ ਹੋਰ ਦੋਸ਼ ਜੋੜਿਆ ਗਿਆ ਸੀ।

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416556 6884

## ਤਿੰਨ ਸਿੱਖਾਂ ਦੀ ਭਾਰਤ ਹਵਾਲਗੀ ਰੋਕਣ ਲਈ ਪੰਥਕ ਕਾਨਫ਼ਰੰਸ

ਲੰਡਨ, 8 ਸਤੰਬਰ (ਪੋਸਟ ਬਿਊਰੋ)- ਤਿੰਨ ਸਿੱਖਾਂ ਦੀ ਭਾਰਤ ਹਵਾਲਗੀ ਰੋਕਣ ਲਈ ਯੂ ਕੇ ਦੇ ਸਿੱਖਾਂ ਵੱਲੋਂ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਪੰਥਕ ਕਾਨਫਰੰਨ ਕੀਤੀ ਗਈ। ਸਿੱਖ ਹਿਊਮਨ ਰਾਈਟਸ ਵੱਲੋਂ ਕਾਰਵਾਈ ਕਾਨਫ਼ਰੰਸ ਵਿੱਚ ਯੂ ਕੇ ਅਤੇ ਅਮਰੀਕਾ ਦੇ ਗੁਰਦੁਆਰਿਆਂ ਅਤੇ ਸਿੱਖ ਸੰਗਠਨਾਂ ਦੇ ਆਗੂਆਂ ਨੇ ਹਿੱਸਾ ਲਿਆ।

ਇਨ੍ਹਾਂ ਸਿੱਖ ਆਗੂਆਂ ਨੇ ਭਾਰਤ ਹਵਾਲਗੀ ਦੇ ਕੇਸ ਦਾ ਸਾਹਮਣਾ ਕਰ ਰਹੇ ਵੈਸਟ ਮਿਡਲੈਂਡਜ਼ ਦੇ ਤਿੰਨ ਸਿੱਖਾਂ ਦਾ ਸਮਰਥਨ ਕਰਦਿਆਂ ਉਨ੍ਹਾਂ ਦੀਹਵਾਲਗੀ ਦੇ ਵਿਰੋਧ ਦੀ ਵਚਨਬੱਧਤਾ ਪ੍ਰਗਟ ਕੀਤੀ। ਇਸ ਮੌਕੇ ਪੰਥਕ ਕਾਨਫਰੰਸ ਨੇ ਸਾਫ ਕਿਹਾ ਕਿ ਯੂ ਕੇ ਵਿੱਚ ਸਿੱਖ ਭਾਈਚਾਰਾ ਵੈਸਟ ਮਿਡਲੈਂਡਜ਼ ਤਿੰਨਾਂ ਸਿੱਖਾਂ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ। ਕਾਨਫਰੰਸ ਵਿੱਚ ਤਿੰਨਾਂ ਸਿੱਖਾਂ ਦੇ ਹੱਕ ਵਿੱਚ ਹਰ ਗੁਰਦੁਆਰਾ ਸੰਗਤ ਨੂੰ ਆਪਣੇ ਸਥਾਨਕ ਪਾਰਲੀਮੈਂਟ ਮੈਂਬਰਾਂ ਅਤੇ ਗ੍ਰਹਿ ਮੰਤਰੀ ਪ੍ਰੀਤੀ ਪਟੇਲ ਨੂੰ ਪੱਤਰ ਭੇਜਣ ਦੀ ਅਪੀਲ ਕੀਤੀ। ਵੈਸਟਮਿੰਸਟਰ ਮੈਜਿਸਟ੍ਰੇਟ ਅਦਾਲਤ ਵਿੱਚ ਕੇਸ ਦੇ ਪਹਿਲੇ ਦਿਨ 22 ਸਤੰਬਰ 2021 ਨੂੰ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਕਰਨ ਦੇ ਨਾਲ ਭਾਰਤ ਦੇ ਸਾਰੇ ਸਰਕਾਰੀ ਅਫਸਰਾਂ ਨੂੰ ਯੂ ਕੇ ਦੇ ਗੁਰਦੁਆਰਿਆਂ, ਨਗਰ ਕੀਰਤਨਾਂ ਤੇ ਕਿਸੇ ਵੀ ਸਿੱਖ ਸਮਾਗਮ 'ਚ ਉਨ੍ਹਾਂ ਦੀ ਅਧਿਕਾਰਤ ਹਾਜ਼ਰੀ ਉੱਤੇ ਪਾਬੰਦੀ ਲਾਉਣ ਦੇ ਮਤੇ ਪਾਸ ਕੀਤੇ ਗਏ।

## ਅਫਗਾਨਿਸਤਾਨ ਮਾਮਲਾ, ਜਾਣ ਲੱਗੇ ਅਮਰੀਕੀ ਫ਼ੌਜੀ ਅਰਬਾਂ ਡਾਲਰਾਂ ਦੇ ਹਥਿਆਰ ਅਤੇ ਗੱਡੀਆਂ ਸਾੜ ਗਏ

ਕਾਬੁਲ, 8 ਸਤੰਬਰ (ਪੋਸਟ ਬਿਊਰੋ)- ਅਫਗਾਨਿਸਤਾਨ ਨੂੰ ਛੱਡਣ ਤੋਂ ਪਹਿਲਾਂ ਅਮਰੀਕੀ ਫ਼ੌਜੀ ਅਰਬਾਂ ਡਾਲਰਾਂ ਦੇ ਹੱਥਿਆਰ ਅਤੇ ਵਾਹਨ ਸਾੜ ਗਏ ਸਨ। ਤਾਲਿਬਾਨ ਨੇ ਇਹ ਗੱਲ ਮੀਡੀਆ ਨੇ ਹਵਾਲੇ ਨਾਲ ਕਹੀ ਹੈ।

ਕੱਲ੍ਹ ਤਾਲਿਬਾਨ ਨੇ ਪੱਤਰਕਾਰਾਂ ਨੂੰ ਸੀ ਈ ਏ ਦੇ ਸਾਬਕਾ ਆਪ੍ਰੇਸ਼ਨਲ ਸੈਂਟਰ ਦੇ ਅੰਦਰ ਜਾਣ ਦੀ ਇਜਾਜ਼ਤ ਦਿੱਤੀ ਸੀ। ਇਸ ਦੌਰਾਨ ਉਨ੍ਹਾਂਨੇ ਦੱਸਿਆ ਕਿ ਅਮਰੀਕੀ ਫ਼ੌਜੀਆਂ ਨੇ ਇੱਥੋਂ ਜਾਣ ਤੋਂ ਪਹਿਲਾਂ ਸਾਰੇ ਫੌਜੀ ਸਾਮਾਨਾ, ਵਾਹਨਾਂ ਤੇ ਕਾਗਜ਼ਾਂ ਨੂੰ ਅੱਗ ਲਾ ਦਿੱਤੀ ਸੀ। 'ਈਗਲ' ਨਾਂ ਦਾ ਸੀ ਈ ਏ ਦਾ ਇਹ ਕੈਂਪ ਕਾਬੁਲ ਨੇੜੇ ਹੈ। ਅਮਰੀਕੀ ਖੁਫ਼ੀਆ ਅਫ਼ਸਰ ਅਤੇ ਅਫ਼ਗਾਨ ਦੀ ਐਨ ਡੀ ਐਸ 01 ਫੋਰਸਿਜ ਇੱਥੇ ਸੀ। ਇਸ ਵੇਲੇ ਇਹ ਇਲਾਕਾ ਤਾਲਿਬਾਨ ਦੇ ਕਬਜ਼ੇ ਵਿੱਚ ਹੈ। ਅਮਰੀਕੀ ਫ਼ੌਜ ਨੇ ਜ਼ਰੂਰੀ ਕਾਗਜ਼, ਸੈਂਕੜੇ ਹੰਵੀਜ, ਫ਼ੌਜੀ ਟੈਂਕਾਂ ਤੇ ਹਥਿਆਰ ਨਸ਼ਟ ਕਰ ਦਿੱਤੇ ਸਨ। ਕੈਂਪ ਕਮਾਂਡਰ ਮੌਲਵੀ ਅਥਨੈਨ ਨੇ ਕਿਹਾ ਕਿ ਉਨ੍ਹਾਂ ਨੇ ਇੱਥੇ ਉਹ ਸਭ ਕੁਝ ਨਸ਼ਟ ਕਰ ਦਿੱਤਾ, ਜੋ ਵਰਤਿਆ ਜਾ ਸਕਦਾ ਸੀ। ਤਾਲਿਬਾਨ ਨੇ ਇਸ ਕੈਂਪ ਦੇ ਕਈ ਕਮਰਿਆਂ ਵਿੱਚਅਜੇ ਐਂਟਰੀ ਨਹੀਂ ਕੀਤੀ ਹੈ।

Visions of Punjab
Natasha Mahal Co-Host
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Iqbal Mahal Producer & Host
Serving the South Asian Community Since 1976

Steinmetz & Associates
PERSONAL INJURY LAWYERS



Harry Steinmetz
Certified as Specialist by the Law Society of Ontario in Civil Litigation
(with over 27yrs. of experience)



BOBBY SIDHU
partner
(Serving the Community for Over 16 yrs.)

ਕੀ ਐਕਸੀਡੈਂਟ ਵਿੱਚ ਤੁਹਾਡੇ ਸੱਟ ਲੱਗ ਗਈ ਹੈ?
ਮੁੱਫਤ ਸਲਾਹ ▪ ਫੀਸ ਸੈਟਲਮੈਂਟ ਹੋਣ ਤੋ ਬਾਅਦ

ਜੇਕਰ ਤੁਹਾਡਾ ਕਸੂਰ ਹੈ ਜਾਂ ਨਹੀਂ, ਚਾਹੇ ਤੁਸੀਂ ਕੰਮ ਕਰਦੇ ਹੋ ਜਾਂ ਨਹੀਂ, ਚਾਹੇ ਤੁਸੀਂ Housewife ਹੋ, Student ਹੋ, Pedestrian ਹੋ, Cycliust ਹੋ, ਐਕਸੀਡੈਂਟ ਵਿਚ ਸੱਟ ਲੱਗਣ ਦੀ ਸੂਰਤ ਵਿਚ ਤੁਸੀਂ ਕਈ ਬੈਨੀਫਿਟਸ ਦੇ ਹੱਕਦਾਰ ਹੋ ਸਕਦੇ ਹੋ। ਜੇਕਰ ਤੁਹਾਡੀ ਗਲਤੀ ਨਹੀਂ ਹੈ ਤਾਂ ਤੁਸੀਂ Pain & Suffering ਸਮੇਤ ਕਈ ਮਿਲੀਅਨ ਡਾਲਰ ਦੇ ਕਲੇਮ ਦੇ ਹੱਕਦਾਰ ਹੋ ਸਕਦੇ ਹੋ।

ਹੁਣ ਤੱਕ ਅਸੀਂ ਆਪਣੇ Clients ਨੂੰ ਕਈ ਮਿਲੀਅਨ ਤੱਕ ਦੇ ਕਲੇਮ ਦੁਆ ਚੁੱਕੇ ਹਾਂ।
ਜੇਕਰ ਤੁਸੀਂ ਆਪਣੀਆਂ ਮੌਜੂਦਾ ਕਾਨੂੰਨੀ ਸੇਵਾਵਾਂ ਤੋਂ ਸੰਤੁਸ਼ਟ ਨਹੀਂ ਹੋ ਤਾਂ ਅਸੀਂ ਤੁਹਾਡੀ ਸੇਵਾ ਲਈ ਹਾਜਰ ਹਾਂ।

If you are hurt in Auto Accident, Slip & Fall or you have long Term Disability Claims
Protect yourself, Protect your family, Know your rights.
For exceptional service, benefits you are entitled to and a settlement you deserve, call the name you trust
You only pay upon settlement
GURSHARAN BOBBY SIDHU
647.539.3020
1450 Meyerside Drive, Suite 308, Mississauga
2 OFFICES TO SERVE YOU
55 St. Clair Ave., West, Toronto
email: bsidhu@steinmetzlawyers.ca website: www.steinmetzlawyers.ca

NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

jobs! jobs! jobs! jobs! jobs!
HELP WANTED
DUNDAS·JAFINE
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ
ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।
Afternoon and Midnight Shifts Available.
ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ
ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton
Apply In Person to complete application in the Shipping Department

